**ਪੱਤਰਕਾਰਾਂ ਦੀ ਲੋੜ**

ਰੋਜ਼ਾਨਾ ਰਿਪੋਟਰ ਅਖਬਾਰ ਅਤੇ ਵੈਬ ਚੈਨਲ ਨੂੰ ਪੰਜਾਬ ਦੇ ਵੱਖ-ਵੱਖ ਜਿਲ੍ਹਿਆਂ ਅਤੇ ਪਿੰਡਾਂ ਤੋਂ ਪੱਤਰਕਾਰਾਂ ਦੀ ਲੋੜ ਹੈ।

-: ਸੰਪਰਕ ਕਰੋ :-
95176-61527

ਨਿਰਪੱਖ ਅਤੇ ਨਿਡਰ ਆਵਾਜ਼

# ਰੋਜ਼ਾਨਾ ਰਿਪੋਟਰ

Follow us on: Youtube-Rozana Reporter/Facebook-Rozana Reporter, www.rozanareporter.com



**ਪੱਤਰਕਾਰਾਂ ਦੀ ਲੋੜ**

ਰੋਜ਼ਾਨਾ ਰਿਪੋਟਰ ਅਖਬਾਰ ਅਤੇ ਵੈਬ ਚੈਨਲ ਨੂੰ ਪੰਜਾਬ ਦੇ ਵੱਖ-ਵੱਖ ਜਿਲ੍ਹਿਆਂ ਅਤੇ ਪਿੰਡਾਂ ਤੋਂ ਪੱਤਰਕਾਰਾਂ ਦੀ ਲੋੜ ਹੈ।

-: ਸੰਪਰਕ ਕਰੋ :-
95176-61527



• ROZANA REPORTER • MONTHLY • VOLUME-1 • ISSUE-11 • CHIEF EDITOR : SUNIL KUMAR • NOVEMBER 2023 • PAGES- 4 • RATE- 5/- • CONTACT : 95176-61527 RNI No:PUNPUN04294-TC







## ਦੀਵਾਲੀ 'ਤੇ ਪਟਾਕੇ ਚਲਾਉਣ ਵਾਲੇ ਸਾਵਧਾਨ ! ਦੇਸ਼ ਭਰ 'ਚ ਸੁਪਰੀਮ ਕੋਰਟ ਦੇ ਸਖਤ ਆਦੇਸ਼ ਲਾਗੂ

**ਚੰਡੀਗੜ੍ਹ • ਬਿਊਰੋ**

ਹੁਣ ਦੀਵਾਲੀ 'ਤੇ ਪਟਾਕੇ ਚਲਾਉਣ ਵਾਲੇ ਸਾਵਧਾਨ ਰਹਿਣ। ਸੁਪਰੀਮ ਕੋਰਟ ਦੇ ਪਟਾਕਿਆਂ ਬਾਰੇ ਸਖਤ ਨਿਰਦੇਸ਼ ਆਏ ਹਨ। ਦੇਸ਼ ਦੇ ਕਿਸੇ ਵੀ ਕੋਨੇ ਵਿੱਚ ਬੈਰੀਅਮ ਵਾਲੇ ਨਹੀਂ ਚਲਾਏ ਜਾ ਸਕਣਗੇ। ਅਦਾਲਤ ਨੇ ਕਿਹਾ ਕਿ ਪਟਾਕਿਆਂ ਦੇ ਨੁਕਸਾਨ ਦਾਇਕ ਪ੍ਰਭਾਵਾਂ ਬਾਰੇ ਆਮ ਲੋਕਾਂ ਨੂੰ ਜਾਗਰੂਕ ਕਰਨਾ ਜ਼ਰੂਰੀ ਹੈ। ਦਰਅਸਲ ਸੁਪਰੀਮ ਕੋਰਟ ਨੇ ਸਪਸ਼ਟ ਕਰ ਦਿੱਤਾ ਹੈ ਕਿ ਬੈਰੀਅਮ ਵਾਲੇ ਪਟਾਕਿਆਂ 'ਤੇ ਪਾਬੰਦੀ ਦੇ ਹੁਕਮ ਹਰ ਰਾਜ 'ਤੇ ਲਾਗੂ ਹੋਣਗੇ ਤੇ ਇਹ ਸਿਰਫ਼ ਦਿੱਲੀ-ਐਨਸੀਆਰ ਖੇਤਰ ਤੱਕ ਹੀ ਸੀਮਤ ਨਹੀਂ ਹਨ, ਜੋ ਗੰਭੀਰ ਹਵਾ ਪ੍ਰਦੂਸ਼ਣ ਨਾਲ ਜੂਝ ਰਿਹਾ ਹੈ। ਸੁਪਰੀਮ ਕੋਰਟ ਦੇ ਸਪੱਸ਼ਟੀਕਰਨ ਜਿਸ ਨੇ 2018 'ਚ ਹਵਾ ਤੇ



ਆਵਾਜ਼ ਪ੍ਰਦੂਸ਼ਣ 'ਤੇ ਰੋਕ ਲਾਉਣ ਲਈ ਰਵਾਇਤੀ ਪਟਾਕੇ ਚਲਾਉਣ 'ਤੇ ਪਾਬੰਦੀ ਲਗਾ ਦਿੱਤੀ ਸੀ, ਦਾ ਪੂਰੇ ਦੇਸ਼ 'ਚ ਅਸਰ ਹੋਵੇਗਾ।

ਇਸ ਦੇ ਨਾਲ ਹੀ ਅਦਾਲਤ ਨੇ ਪਰਾਲੀ ਸਾੜਨ ਦੇ ਮੁੱਦੇ 'ਤੇ ਭਾਰਤੀ ਮੌਸਮ ਵਿਗਿਆਨ ਵਿਭਾਗ (ਆਈਐਮਡੀ) ਤੋਂ ਵੀ ਜਵਾਬ ਮੰਗਿਆ ਹੈ ਕਿਉਂਕਿ ਉਸ ਨੂੰ ਦੱਸਿਆ ਗਿਆ ਸੀ ਕਿ ਦਿੱਲੀ ਨਾਲ ਲੱਗਦੇ ਸੂਬਿਆਂ ਦੇ ਖੇਤਾਂ 'ਚ ਅੱਗ ਲੱਗਣ ਨਾਲ ਕੌਮੀ ਰਾਜਧਾਨੀ 'ਚ ਹਵਾ ਦੀ ਗੁਣਵੱਤਾ ਪ੍ਰਭਾਵਿਤ ਹੋ ਰਹੀ ਹੈ। ਜਸਟਿਸ ਏਐਸ ਬੋਪੰਨਾ ਤੇ ਐਮਐਮ ਸੁੰਦਰੇਸ਼ ਦੇ ਬੈਂਚ ਨੇ ਰਾਜਸਥਾਨ ਸਰਕਾਰ ਨੂੰ ਦੀਵਾਲੀ ਦੌਰਾਨ ਪਟਾਕੇ ਚਲਾਉਣ ਸਬੰਧੀ ਆਪਣੇ ਪਹਿਲਾਂ ਦੇ ਨਿਰਦੇਸ਼ਾਂ ਦਾ ਪਾਲਣ ਕਰਨ ਲਈ ਕਿਹਾ ਹੈ। ਬੈਂਚ ਨੇ ਕਿਹਾ, 'ਪਟਾਕਿਆਂ ਦੇ ਨੁਕਸਾਨਦਾਇਕ ਪ੍ਰਭਾਵਾਂ ਬਾਰੇ

ਬਾਕੀ ਹਿੱਸਾ ਸਫ਼ਾ ਨੰ.2 'ਤੇ

## ਐਲੋਨ ਮਸਕ ਨੇ ਨੋਬਲ ਪੁਰਸਕਾਰ ਜੇਤੂ ਭਾਰਤੀ ਵਿਗਿਆਨੀ ਦੇ ਨਾਂਅ 'ਤੇ ਰੱਖਿਆ ਅਪਣੇ ਬੇਟੇ ਦਾ ਨਾਂਅ

**• ਰੋਜ਼ਾਨਾ ਰਿਪੋਟਰ ਦੀ ਖ਼ਾਸ ਰਿਪੋਟ**

ਕੇਂਦਰੀ ਆਈਟੀ ਮੰਤਰੀ ਰਾਜੀਵ ਚੰਦਰਸ਼ੇਖਰ ਬਰਤਾਨੀਆ ਵਿਚ ਹੋਈ ਏਆਈ ਸੁਰੱਖਿਆ ਕਾਨਫਰੰਸ ਵਿਚ ਭਾਰਤ ਦੀ ਨੁਮਾਇੰਦਗੀ ਕਰ ਰਹੇ ਹਨ। ਇਥੇ ਉਨ੍ਹਾਂ ਨੇ ਟੇਸਲਾ ਦੇ ਸੀਈਓ ਐਲੋਨ ਮਸਕ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਮਸਕ ਨੇ ਆਈਟੀ ਮੰਤਰੀ ਨੂੰ ਦਸਿਆ ਕਿ ਨੋਬਲ ਪੁਰਸਕਾਰ ਜੇਤੂ ਭਾਰਤੀ ਭੌਤਿਕ ਵਿਗਿਆਨੀ ਪ੍ਰੋਫੈਸਰ ਐਸ. ਚੰਦਰਸ਼ੇਖਰ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਨੇ ਅਪਣੇ ਪੁੱਤਰ ਦਾ ਨਾਂਅ 'ਚੰਦਰਸ਼ੇਖਰ' ਰੱਖਿਆ। ਉੱਦਮਤਾ, ਹੁਨਰ ਵਿਕਾਸ, ਇਲੈਕਟ੍ਰੋਨਿਕਸ ਅਤੇ ਤਕਨਾਲੋਜੀ ਰਾਜ ਮੰਤਰੀ ਰਾਜੀਵ ਚੰਦਰਸ਼ੇਖਰ ਨੇ ਇਕ ਐਕਸ ਪੋਸਟ ਵਿਚ ਕਿਹਾ ਕਿ ਅਰਬਪਤੀ ਮਸਕ ਨੇ ਸਾਂਝਾ ਕੀਤਾ ਕਿ ਉਨ੍ਹਾਂ ਦੇ ਪੁੱਤਰ ਦਾ ਨਾਮ ਨੋਬਲ ਪੁਰਸਕਾਰ ਜੇਤੂ ਪ੍ਰੋਫੈਸਰ ਸੁਬਰਾਮਨੀਅਮ ਚੰਦਰਸ਼ੇਖਰ ਦੇ ਨਾਂਅ





ਬਾਕੀ ਹਿੱਸਾ ਸਫ਼ਾ ਨੰ.2 'ਤੇ

## 'ਤੁਸੀਂ ਮੇਰੇ ਸਰੀਰ ਨੂੰ ਤਾਂ ਗ੍ਰਿਫ਼ਤਾਰ ਕਰ ਲਓਗੇ ਪਰ....', ਈਡੀ ਦੇ ਨੋਟਿਸ 'ਤੇ ਕੇਜਰੀਵਾਲ ਦਾ ਜਵਾਬ

**ਨਵੀਂ ਦਿੱਲੀ • ਏਜਸੀ**

ਮੱਧ ਪ੍ਰਦੇਸ਼ ਵਿਧਾਨ ਸਭਾ ਚੋਣ ਪ੍ਰਚਾਰ ਲਈ ਪਹੁੰਚੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਰੋਡ ਸ਼ੋਅ ਕੀਤਾ। ਇਸ ਦੌਰਾਨ ਉਨ੍ਹਾਂ ਨੇ ਇਸ਼ਾਰਿਆਂ ਰਾਹੀਂ ਭਾਜਪਾ 'ਤੇ ਤਿੱਖਾ ਹਮਲਾ ਕੀਤਾ। ਕੇਜਰੀਵਾਲ ਨੇ ਕਿਹਾ ਕਿ ਉਹ ਹਰ ਰੋਜ਼ ਦਿੱਲੀ 'ਚ ਖੜ੍ਹੇ ਹੋ ਕੇ ਧਮਕੀਆਂ ਦੇ ਰਹੇ ਹਨ ਕਿ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ। ਤੁਸੀਂ ਕੇਜਰੀਵਾਲ ਦੇ ਸਰੀਰ ਨੂੰ ਗ੍ਰਿਫਤਾਰ ਕਰੋਗੇ, ਪਰ ਤੁਸੀਂ ਕੇਜਰੀਵਾਲ ਦੇ ਵਿਚਾਰਾਂ ਨੂੰ ਕਿਵੇਂ ਗ੍ਰਿਫਤਾਰ ਕਰੋਗੇ। ਤੁਸੀਂ ਹਜ਼ਾਰਾਂ-ਲੱਖਾਂ ਕੇਜਰੀਵਾਲ ਨੂੰ ਕਿਵੇਂ ਗ੍ਰਿਫਤਾਰ ਕਰੋਗੇ?

'ਆਪ' ਕਨਵੀਨਰ ਨੇ ਅੱਗੇ ਕਿਹਾ, "ਤੁਸੀਂ ਦਸ ਸਾਲ ਦੇਸ਼ 'ਚ ਸੱਤਾ 'ਤੇ ਕਾਬਜ਼ ਹੋ। ਅੱਜ ਦੇਸ਼ ਦਾ ਹਰ ਬੱਚਾ ਪੁੱਛ ਰਿਹਾ ਹੈ ਕਿ ਦੇਸ਼ 'ਚ ਕਿੰਨੇ ਸਕੂਲ ਬਣਨੇ ਹਨ। ਤੁਸੀਂ ਕਿਸ ਦਾ ਮੂੰਹ ਬੰਦ ਕਰੋਗੇ? ਅਸੀਂ ਅੰਨਾ ਅੰਦੋਲਨ 'ਚੋਂ ਨਿਕਲੇ ਹਾਂ।' ਰਾਮਲੀਲਾ ਮੈਦਾਨ ਦੀ ਸਟੇਜ ਉੱਤੇ ਮੈਂ, ਸਤੇਂਦਰ ਜੈਨ ਅਤੇ ਮਨੀਸ਼ ਸਿਸੋਦੀਆ ਬੈਠੇ ਹੁੰਦੇ ਸੀ, ਤੁਸੀਂ ਸਾਨੂੰ ਗ੍ਰਿਫਤਾਰ ਕਰੋਗੇ, ਪਰ ਰਾਮਲੀਲਾ ਮੈਦਾਨ 'ਤੇ ਆਉਣ ਵਾਲੇ ਕਰੋੜਾਂ ਲੋਕਾਂ ਦੀ ਭੀੜ ਨੂੰ ਤੁਸੀਂ ਕਿਵੇਂ ਗ੍ਰਿਫਤਾਰ ਕਰੋਗੇ।"

ਦਿੱਲੀ ਦੇ ਮੁੱਖ ਮੰਤਰੀ ਨੇ ਕਿਹਾ, "ਕੇਜਰੀਵਾਲ ਜੇਲ੍ਹ ਜਾਣ ਤੋਂ ਨਹੀਂ ਡਰਦਾ। ਅਸੀਂ ਇੱਥੇ ਆਪਣੇ ਲਈ ਨਹੀਂ ਆਏ। ਜਿੱਥੇ ਵੀ ਆਮ ਆਦਮੀ ਪਾਰਟੀ ਚੋਣ ਪ੍ਰਚਾਰ ਕਰਨ ਜਾਂਦੀ ਹੈ, ਉਹ



ਬਾਕੀ ਹਿੱਸਾ ਸਫ਼ਾ ਨੰ.2 'ਤੇ

## ਝੋਨੇ ਦੇ ਜਾਅਲੀ ਬਿੱਲ ਬਣਾਉਣ ਵਾਲਾ ਭਾਰਤ ਭੂਸ਼ਣ ਆਸ਼ੂ ਦਾ ਕਰੀਬੀ ਗ੍ਰਿਫ਼ਤਾਰ, ਵਿਜੀਲੈਂਸ ਨੇ ਕੀਤੀ ਕਾਰਵਾਈ

**ਲੁਧਿਆਣਾ • ਰੋਜ਼ਾਨਾ ਰਿਪੋਟਰ ਬਿਊਰੋ**

ਵਿਜੀਲੈਂਸ ਬਿਊਰੋ ਨੇ ਲੁਧਿਆਣਾ ਅਤੇ ਹੋਰ ਅਨਾਜ ਮੰਡੀਆਂ ਵਿੱਚ ਹੋਏ ਝੋਨਾ ਘੁਟਾਲੇ ਦੇ ਮਾਮਲੇ ਵਿੱਚ ਸ਼ਾਮਲ ਸਾਬਕਾ ਭਾਰਤ ਭੂਸ਼ਣ ਆਸ਼ੂ ਦੇ ਕਰੀਬੀ ਨੂੰ ਗ੍ਰਿਫ਼ਤਾਰ ਕੀਤਾ ਹੈ। ਵਿਜੀਲੈਂਸ ਨੇ ਵਪਾਰੀ ਕਾਲੂ ਰਾਮ ਵਾਸੀ ਨਵੀਂ ਆਬਾਦੀ, ਜੈਤੋਂ ਮੰਡੀ, ਜ਼ਿਲ੍ਹਾ ਫ਼ਰੀਦਕੋਟ ਨੂੰ ਗ੍ਰਿਫ਼ਤਾਰ ਕੀਤਾ ਹੈ। ਉਸ ਨੂੰ ਲੁਧਿਆਣਾ ਜ਼ਿਲ੍ਹਾ ਅਦਾਲਤ ਵਿੱਚ ਪੇਸ਼ ਕਰਨ



ਉਪਰੰਤ ਬਿਊਰੋ ਨੂੰ ਦੋ ਦਿਨਾਂ ਦਾ ਪੁਲੀਸ ਰਿਮਾਂਡ ਮਿਲ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਕਾਲੂ ਰਾਮ ਦੇ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਪੰਜਾਬ ਦੇ ਮੁਅੱਤਲ ਡਿਪਟੀ ਡਾਇਰੈਕਟਰ ਤੇ ਭਗੌੜੇ ਹੋ ਚੁੱਕੇ ਰਾਕੇਸ਼ ਕੁਮਾਰ ਸਿੰਗਲਾ ਅਤੇ ਉਕਤ ਵਿਭਾਗ ਦੇ ਸਾਬਕਾ ਮੰਤਰੀ ਭਾਰਤ

ਬਾਕੀ ਹਿੱਸਾ ਸਫ਼ਾ ਨੰ.2 'ਤੇ

## ਵਿਜੀਲੈਂਸ ਬਿਊਰੋ ਨੇ ਕੈਮਿਸਟ ਤੋਂ 15,000 ਰੁਪਏ ਦੀ ਰਿਸ਼ਵਤ ਲੈਂਦਿਆਂ ਐਸ.ਐਮ.ਓ. ਤੇ ਬੀ.ਏ.ਐਮ.ਐਸ. ਡਾਕਟਰ ਨੂੰ ਕੀਤਾ ਕਾਬੂ

**ਲੁਧਿਆਣਾ • ਰੋਜ਼ਾਨਾ ਰਿਪੋਟਰ ਬਿਊਰੋ**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਸ਼ੁੱਕਰਵਾਰ ਨੂੰ ਜ਼ਿਲ੍ਹਾ ਲੁਧਿਆਣਾ ਦੇ ਕਸਬਾ ਸਾਹਨੇਵਾਲ ਦੇ ਕਮਿਊਨਿਟੀ ਹੈਲਥ ਸੈਂਟਰ (ਸੀ.ਐਚ.ਸੀ.) ਵਿੱਚ ਤਾਇਨਾਤ ਡਾ: ਪੂਨਮ ਗੋਇਲ, ਐਸ.ਐਮ.ਓ. ਅਤੇ ਡਾ: ਗੌਰਵ ਜੈਨ, ਬੀ. ਏ.



ਐਮ.ਐਸ. ਨੂੰ 15,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੂਬਾ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਦੋਵੇਂ ਡਾਕਟਰਾਂ ਨੂੰ ਕੁਲਵਿੰਦਰ ਸਿੰਘ ਵਾਸੀ ਗੁਰੂ ਅਰਜਨ ਦੇਵ ਨਗਰ, ਸਾਹਨੇਵਾਲ

ਬਾਕੀ ਹਿੱਸਾ ਸਫ਼ਾ ਨੰ.2 'ਤੇ

## ਦਿੱਲੀ ਵਿਚ ਫ਼ੇਲ੍ਹ ਹੋ ਚੁੱਕੀ ਸ਼ਰਾਬ ਨੀਤੀ ਪੰਜਾਬ 'ਤੇ ਥੋਪੀ: ਨਵਜੋਤ ਸਿੱਧੂ


**ਚੰਡੀਗੜ੍ਹ • ਬਿਊਰੋ**

ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਨਵਜੋਤ ਸਿੱਧੂ ਨੇ ਕਿਹਾ ਕਿ ਦਿੱਲੀ ਵਿਚ ਫ਼ੇਲ੍ਹ ਹੋ ਚੁੱਕੀ ਸ਼ਰਾਬ ਨੀਤੀ ਪੰਜਾਬ 'ਤੇ ਥੋਪੀ ਗਈ ਹੈ ਜਿਸ ਕਰਕੇ ਪੰਜਾਬ ਵਿਚ ਠੇਕੇਦਾਰਾਂ ਦਾ ਰਾਜ ਹੋਣ ਕਰਕੇ ਵੱਡੇ ਘਪਲੇ ਹੋ ਰਹੇ ਹਨ। ਇਹ ਘਪਲੇ ਕੋਈ ਛੋਟੇ ਨਹੀਂ ਸਗੋਂ 4000 ਕਰੋੜ ਤੋਂ ਵੱਧ ਦੇ ਹਨ। ਇਸ ਨੀਤੀ ਰਾਹੀਂ ਸਰਕਾਰ ਨੂੰ ਘੱਟ ਮਾਲੀਆ ਮਿਲ ਰਿਹਾ ਹੈ ਜਦਕਿ ਠੇਕੇਦਾਰ ਵੱਧ ਕਮਾ ਰਹੇ ਹਨ। ਪਟਿਆਲਾ ਵਿਚਲੇ ਆਪਣੇ ਘਰ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਸਿੱਧੂ ਨੇ ਆਮ ਆਦਮੀ ਪਾਰਟੀ ਦੀ ਪੰਜਾਬ ਤੇ ਦਿੱਲੀ ਸਰਕਾਰ ਨੂੰ ਖ਼ੂਬ ਰਗੜੇ ਲਾਏ। ਉਨ੍ਹਾਂ ਨਾਲ ਇਹ ਵੀ ਕਿਹਾ ਕਿ ਭਗਵੰਤ ਮਾਨ ਉਨ੍ਹਾਂ ਦਾ ਛੋਟਾ ਭਰਾ ਹੈ, ਉਸ ਨਾਲ ਕੋਈ ਨਿੱਜੀ ਵੈਰ ਵਿਰੋਧ ਨਹੀਂ ਹੈ ਪਰ ਅਰਵਿੰਦ ਕੇਜਰੀਵਾਲ ਦੀਆਂ ਨੀਤੀਆਂ ਨੇ ਪੰਜਾਬ ਨੂੰ ਵੱਡਾ ਨੁਕਸਾਨ ਪਹੁੰਚਾਇਆ ਹੈ। ਪੰਜਾਬ ਵਿਚ ਕੀਤੇ ਜਾ ਰਹੇ ਕਥਿਤ ਘਪਲਿਆਂ ਦੀ ਪੜਤਾਲ ਕਿਸੇ ਵਿਸ਼ੇਸ਼ ਨਿਰਪੱਖ ਏਜੰਸੀ ਤੋਂ ਕਰਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਆਪਣੀਆਂ ਮਨਮਰਜ਼ੀਆਂ ਕਰਨ ਲਈ ਪੰਜਾਬ ਸਰਕਾਰ ਚੰਗੇ ਇਮਾਨਦਾਰ ਅਧਿਕਾਰੀਆਂ ਨੂੰ ਖੁੱਡੇ ਲਾਈਨ ਲਾ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਰਾਬ ਦੀ ਖ਼ਪਤ ਘੱਟ ਕਰਨ ਵਾਲੇ ਸੂਬੇ ਤਾਮਿਲਨਾਡੂ 44,098 ਕਰੋੜ,



ਬਾਕੀ ਹਿੱਸਾ ਸਫ਼ਾ ਨੰ.2 'ਤੇ

## ਨੇਪਾਲ ਵਿੱਚ ਭੂਚਾਲ ਨੇ ਮਚਾਈ ਭਾਰੀ ਤਬਾਹੀ



**ਨੇਪਾਲ • ਏਜਸੀ**

ਨੇਪਾਲ ਵਿੱਚ ਬੀਤੀ ਰਾਤ 11:54 ਵਜੇ ਆਏ 6.4 ਤੀਬਰਤਾ ਦੇ ਭੂਚਾਲ ਨੇ ਬਹੁਤ ਨੁਕਸਾਨ ਕੀਤਾ ਹੈ। ਖ਼ਬਰ ਲਿਖੇ ਜਾਣ ਤੱਕ 128 ਲੋਕਾਂ ਦੀ ਮੌਤ ਹੋ ਚੁੱਕੀ ਹੈ ਅਤੇ 1000 ਤੋਂ ਵੱਧ ਲੋਕ ਜ਼ਖ਼ਮੀ ਹੋ ਚੁੱਕੇ ਹਨ।

ਇੰਨਾ ਹੀ ਨਹੀਂ ਦੱਸਿਆ ਜਾ ਰਿਹਾ ਹੈ ਕਿ ਕਈ ਇਮਾਰਤਾਂ ਵੀ ਢਹਿ ਗਈਆਂ ਹਨ। ਨੇਪਾਲ ਸਰਕਾਰ ਮੁਤਾਬਕ ਰਾਹਤ ਅਤੇ ਬਚਾਅ ਕੰਮ ਜਾਰੀ ਹੈ। ਸਰਕਾਰੀ ਬੁਲਾਰੇ ਅਨੁਸਾਰ ਪ੍ਰਧਾਨ ਮੰਤਰੀ ਪੁਸ਼ਪਾ ਕਮਲ ਦਹਿਲ ਸ਼ਨੀਵਾਰ (4 ਨਵੰਬਰ 2023) ਨੂੰ ਪ੍ਰਚੰਡ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨ ਜਾ ਰਹੇ ਹਨ। ਪ੍ਰਧਾਨ ਮੰਤਰੀ ਪੁਸ਼ਪਾ ਕਮਲ ਦਹਿਲ ਨੇ

ਬਾਕੀ ਹਿੱਸਾ ਸਫ਼ਾ ਨੰ.2 'ਤੇ

## ਪੰਜਾਬ ਵਿੱਚ ਨਗਰ-ਨਿਗਮ ਦੀਆਂ ਚੋਣਾਂ ਹਇਆ ਲੇਟ, ਵਧੇਗਾ ਸਿਆਸੀ ਤਾਪਮਾਨ

**ਜਲੰਧਰ • ਰੋਜ਼ਾਨਾ ਰਿਪੋਟਰ ਬਿਊਰੋ**

ਪੰਜਾਬ ਵਿੱਚ ਨਗਰ ਨਿਗਮ ਦੀਆਂ ਚੋਣਾਂ 15 ਨਵੰਬਰ ਤੱਕ ਨਹੀਂ ਹੋਣਗੀਆਂ। ਦੱਸ ਦਈਏ ਕਿ ਲੋਕਲ ਬਾਡੀਜ਼ ਵਿਭਾਗ ਨੇ ਵਾਰਡਬੰਦੀ ਦਾ ਕੰਮ ਪੂਰਾ ਨਾ ਹੋਣ ਕਾਰਨ ਸਮਾਂ ਵਧਾ ਦਿੱਤਾ ਹੈ। ਇਸ ਦੈ ਨਾਲ ਹੀ ਕਿਹਾ ਕਿ ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ ਉਹ 7 ਨਵੰਬਰ ਤੱਕ ਜਮ੍ਹਾ ਕਰਵਾ ਸਕਦਾ ਹੈ। 17 ਨਵੰਬਰ ਨੂੰ ਜੇ ਕੋਈ ਵਾਪਿਸ ਇਤਰਾਜ਼ ਲੈਣਾ ਚਾਹੁੰਦਾ ਹੈ ਤਾਂ ਵਾਪਸ ਲੈ ਸਕਦੇ ਹਨ। ਕਿਹਾ ਜਾ ਹੈ ਕਿ 21 ਨਵੰਬਰ ਨੂੰ ਕੰਮ ਪੂਰਾ ਹੋ ਜਾਵੇਗਾ, ਪਹਿਲਾਂ ਚੋਣਾਂ 15 ਨਵੰਬਰ ਤੱਕ ਹੋਣੀਆਂ ਸਨ, ਅਗਲੇ ਸਾਲ ਦੇ ਸ਼ੁਰੂ ਵਿੱਚ ਚੋਣਾਂ ਹੋ ਸਕਦੀਆਂ ਹਨ। ਪੰਜਾਬ ਵਿੱਚ ਨਗਰ ਨਿਗਮ ਚੋਣਾਂ ਦਾ ਬਿਗਲ ਜਲਦ ਵੱਜਣ ਵਾਲਾ ਸੀ ਪਰ ਹਾਲ ਹੀ ਵਿੱਚ ਆਈ ਖ਼ਬਰ ਨੇ ਚੋਣਾਂ ਦੀ ਤਾਰੀਕ ਅੱਗੇ ਵਧਾ ਦਿੱਤੀ ਹੈ।



ਪੰਜਾਬ ਵਿੱਚ ਪੰਜ ਮਿਉਂਸਪਲ ਬਾਡੀਜ਼ ਦੀਆਂ ਚੋਣਾਂ ਨਵੰਬਰ ਦੇ ਪਹਿਲੇ ਹਫ਼ਤੇ ਵਿੱਚ ਹੋਣੀਆਂ ਸਨ। ਇਹ ਜਾਣਕਾਰੀ ਇੱਕ ਅਧਿਕਾਰਤ ਨੋਟੀਫਿਕੇਸ਼ਨ ਵਿੱਚ ਦਿੱਤੀ ਗਈ ਸੀ। ਦੱਸ ਦਈਏ ਕਿ ਇਹ ਪੰਜ ਨਗਰ ਨਿਗਮ ਅੰਮ੍ਰਿਤਸਰ, ਲੁਧਿਆਣਾ, ਜਲੰਧਰ, ਪਟਿਆਲਾ ਅਤੇ ਫਗਵਾੜਾ ਹਨ। ਪੰਜਾਬ ਦੀਆਂ 39 ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਵੀ 1 ਤੋਂ 15 ਨਵੰਬਰ ਦਰਮਿਆਨ ਹੋਣੀਆਂ ਸਨ ਪਰ ਹੁਣ ਇਸ ਦੀ ਤਾਰੀਕ ਅੱਗ ਵੱਧਾ ਦਿੱਤੀ ਹੈ। ਇਸ ਦੇ ਲਈ

ਬਾਕੀ ਹਿੱਸਾ ਸਫ਼ਾ ਨੰ.2 'ਤੇ

## ਕੈਨੇਡਾ ਜਾਣ ਵਾਲਿਆਂ ਲਈ ਖ਼ੁਸ਼ਖਬਰੀ: 2024 'ਚ 4.85 ਲੱਖ ਨਵੇਂ ਪ੍ਰਵਾਸੀਆਂ ਨੂੰ ਦੇਸ਼ 'ਚ ਐਂਟਰੀ ਦੇਵੇਗਾ ਕੈਨੇਡਾ, ਵਿਗੜੇ ਸਬੰਧਾਂ ਦਾ ਨਹੀਂ ਪਵੇਗਾ ਅਸਰ

**ਜਲੰਧਰ • ਰੋਜ਼ਾਨਾ ਰਿਪੋਟਰ ਬਿਊਰੋ**

ਖਾਲਿਸਤਾਨ ਦੇ ਮੁੱਦੇ 'ਤੇ ਕੈਨੇਡਾ ਅਤੇ ਭਾਰਤ ਦੇ ਸਬੰਧਾਂ 'ਚ ਆਈ ਵਿਗੜਨ ਦਾ ਕੈਨੇਡਾ ਦੀ ਇਮੀਗ੍ਰੇਸ਼ਨ ਨੀਤੀ 'ਤੇ ਕੋਈ ਅਸਰ ਨਹੀਂ ਪਿਆ। ਇਸ ਨਾਲ ਪੰਜਾਬੀਆਂ ਨੂੰ ਵੱਡੀ ਰਾਹਤ ਮਿਲੀ ਹੈ। ਕੈਨੇਡਾ 'ਚ ਰਹਿੰਦੇ ਪੰਜਾਬ ਮੂਲ ਦੇ ਲੋਕਾਂ ਅਤੇ ਭਾਰਤੀ ਮੂਲ ਦੇ ਸੰਸਦ ਮੈਂਬਰਾਂ ਨੇ ਵੀ ਇਸ ਨੂੰ ਰਾਹਤ ਦੀ ਗੱਲ ਦੱਸਿਆ ਹੈ। ਇਸ ਨੀਤੀ ਤਹਿਤ ਕੈਨੇਡਾ 2024 ਵਿੱਚ 4.85 ਨਵੇਂ ਪ੍ਰਵਾਸੀਆਂ ਨੂੰ ਵੀ ਦਾਖ਼ਲ ਕਰੇਗਾ। ਇਹ ਅੰਕੜਾ 2023 ਦੇ ਬਰਾਬਰ ਹੈ। 2026 ਤੱਕ ਇਸ ਨੂੰ ਵਧਾ ਕੇ 5 ਲੱਖ ਕਰਨ ਦੀ ਯੋਜਨਾ ਹੈ।

ਪੰਜਾਬ ਦੇ ਏਜੰਟਾਂ ਦਾ ਕਹਿਣਾ ਹੈ ਕਿ ਅਗਲੇ ਸਾਲ ਸਤੰਬਰ ਦੀਆਂ ਸੀਟਾਂ ਭਰਨ ਵਾਲੀਆਂ ਹਨ। ਕੈਨੇਡਾ ਦੇ ਇਮੀਗ੍ਰੇਸ਼ਨ ਅਤੇ ਸਿਟੀਜ਼ਨਸ਼ਿਪ ਮੰਤਰੀ ਮਾਰਕ ਮਿਲਰ ਨੇ ਕਿਹਾ ਹੈ ਕਿ ਕੈਨੇਡਾ ਭਾਰਤੀਆਂ ਦਾ ਸੁਆਗਤ ਕਰਦਾ ਰਹੇਗਾ ਅਤੇ ਉਨ੍ਹਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਯਤਨ ਕਰਦਾ ਰਹੇਗਾ।

**ਫੈਸਲੇ ਦਾ ਹਰ ਪਾਸੇ ਸੁਆਗਤ**



ਕੈਨੇਡਾ ਦੇ ਸੰਸਦ ਮੈਂਬਰ ਮਨਿੰਦਰ ਸਿੱਧੂ ਦਾ ਕਹਿਣਾ ਹੈ ਕਿ ਪੰਜਾਬੀ ਭਾਈਚਾਰਾ ਕੈਨੇਡਾ ਦੀ ਰੀੜ੍ਹ ਦੀ ਹੱਡੀ ਹੈ ਅਤੇ ਇਸ ਦੇ ਵਿਕਾਸ ਵਿੱਚ ਉਨ੍ਹਾਂ ਦਾ ਅਹਿਮ ਯੋਗਦਾਨ ਹੈ। ਕੈਨੇਡਾ ਸਰਕਾਰ ਵੱਲੋਂ ਚੁੱਕੇ ਜਾ ਰਹੇ ਕਦਮ ਪੰਜਾਬੀ ਭਾਈਚਾਰੇ ਪ੍ਰਤੀ ਹਾਂ-ਪੱਖੀ ਹਨ।

ਕੈਨੇਡੀਅਨ ਕਾਰੋਬਾਰੀ ਪ੍ਰਿੰਸ ਸਨਾਨ ਦਾ ਕਹਿਣਾ ਹੈ ਕਿ ਭਾਰਤ ਉਨ੍ਹਾਂ ਦਾ ਦੇਸ਼ ਹੈ, ਪਰ ਕੈਨੇਡਾ ਉਨ੍ਹਾਂ ਦਾ ਕੰਮ ਕਰਨ ਦਾ ਸਥਾਨ ਹੈ। ਕੈਨੇਡਾ ਦੀ ਸਰਕਾਰ ਵੀ ਇਸ ਗੱਲ ਤੋਂ ਸੁਚੇਤ ਹੈ ਕਿ ਭਾਰਤ ਨਾਲ ਸਬੰਧ ਸੁਖਾਵੇਂ ਰੱਖਣੇ ਪੈਣਗੇ। ਕੈਨੇਡਾ ਵੱਲੋਂ ਭਾਰਤੀਆਂ ਦਾ ਸੁਆਗਤ ਕੀਤਾ ਜਾ ਰਿਹਾ ਹੈ, ਇਹ ਸੰਦੇਸ਼ ਦੋਵਾਂ ਦੇਸ਼ਾਂ ਵਿਚਾਲੇ ਕੁੜੱਤਣ ਨੂੰ ਖਤਮ ਕਰਨ ਲਈ ਕਾਫੀ ਚੰਗਾ ਹੈ।

ਕੈਨੇਡਾ ਦੇ ਸ਼ਹਿਰ ਟੋਰਾਂਟੋ ਦੇ ਵਸਨੀਕ ਡਾਕਟਰ ਪਰਮਜੀਤ ਸਿੰਘ ਦਾ ਕਹਿਣਾ ਹੈ ਕਿ ਟਰੂਡੋ ਸਰਕਾਰ ਦੀ ਇਮੀਗ੍ਰੇਸ਼ਨ ਨੀਤੀ ਕਾਫੀ ਉਦਾਰ ਹੈ।

ਕੁਝ ਸਮਾਂ ਪਹਿਲਾਂ ਚਿੰਤਾ ਸੀ ਕਿ ਕੀ ਹੋਵੇਗਾ? ਪਰ ਹੁਣ ਹਰ ਰੋਜ਼ ਚੰਗੀ ਖ਼ਬਰ ਆ ਰਹੀ ਹੈ।

**1.5 ਲੱਖ ਵਿਦਿਆਰਥੀ ਪੰਜਾਬ ਤੋਂ ਗਏ**

ਕੈਨੇਡਾ ਇਮੀਗ੍ਰੇਸ਼ਨ ਦੇ ਮਾਹਿਰ ਗੁਰਿੰਦਰ ਭੱਟੀ ਦਾ ਕਹਿਣਾ ਹੈ ਕਿ 2021 ਵਿੱਚ 4,44,553 ਵਿਦਿਆਰਥੀ ਵਿਦੇਸ਼ਾਂ ਵਿੱਚ ਪੜ੍ਹਨ ਲਈ ਗਏ ਸਨ, ਜਦੋਂ ਕਿ 2022 ਵਿੱਚ ਇਹ ਅੰਕੜਾ ਵੱਧ ਕੇ 750,365 ਹੋ ਗਿਆ ਅਤੇ 2023 ਵਿੱਚ ਵੀ ਇਹ ਅੰਕੜਾ ਅੱਠ ਲੱਖ ਦੇ ਕਰੀਬ ਰਹਿ ਗਿਆ, ਜਿਨ੍ਹਾਂ ਵਿੱਚੋਂ ਡੇਢ ਲੱਖ ਵਿਦਿਆਰਥੀ ਹਨ।

# ਬੰਦੀ-ਛੋੜ ਦਿਵਸ' ਤੇ 'ਦੀਵਾਲੀ' ਦੇ ਪਵਿੱਤਰ ਤਿਉਹਾਰ ਦੀ ਆਪ ਜੀ ਨੂੰ ਹਾਰਦਿਕ ਵਧਾਈ ਹੋਵੇ ਜੀ

ਆਪਸੀ ਪਿਆਰ ਤੇ ਸਦਭਾਵਨਾ ਦੇ ਪ੍ਰਤੀਕ ਵਜੋ ਮਨਾਇਆ ਜਾਣ ਵਾਲਾ ਤਿਉਹਾਰ 'ਦਿਵਾਲੀ' ਸਿੱਖ ਇਤਿਹਾਸ ਦੀਆਂ ਕਈ ਘਟਨਾਵਾਂ ਦੀਵਾਲੀ ਨਾਲ ਜੁੜੀਆਂ ਹੋਈਆਂ ਹਨ ਜਿਨ੍ਹਾਂ ਕਰਕੇ ਇਹ ਦਿਨ ਸਿੱਖ ਕੌਮ ਲਈ ਖ਼ਾਸ ਅਹਿਮੀਅਤ ਰੱਖਦਾ ਹੈ।

ਦੀਵਾਲੀ ਦਾ ਤਿਉਹਾਰ ਭਾਵੇਂ ਪੁਰਾਤਨ ਸਮਿਆਂ ਤੋਂ ਸਮੁੱਚੇ ਭਾਰਤ ਵਿਚ ਬੜੀ ਸਜ-ਧਜ ਨਾਲ ਮਨਾਇਆ ਜਾਂਦਾ ਹੈ, ਪਰ ਸਿੱਖ ਧਰਮ 'ਚ ਇਸ ਦਾ ਇਤਿਹਾਸਕ ਤੇ ਵਿਲੱਖਣ ਪਿਛੋਕੜ ਹੈ। ਮੁੱਖ ਰੂਪ ਵਿਚ ਸਿੱਖ ਇਤਿਹਾਸ ਨਾਲ ਇਸ ਤਿਉਹਾਰ ਦਾ ਸੰਬੰਧ ਉਸ ਸਮੇਂ ਤੋਂ ਜੁੜਿਆ ਹੋਇਐ, ਜਦੋਂ ਮੀਰੀ-ਪੀਰੀ ਦੇ ਮਾਲਕ 6ਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਗਵਾਲੀਅਰ ਦੇ ਕਿਲ੍ਹੇ ਵਿਚੋਂ 52 ਰਾਜਿਆਂ ਸਮੇਤ ਰਿਹਾਅ ਹੋ ਕੇ ਸ੍ਰੀ ਅੰਮ੍ਰਿਤਸਰ ਪਹੁੰਚੇ। ਛੇਵੇਂ ਸਤਿਗੁਰਾਂ ਨੂੰ ਜਿਨ੍ਹਾਂ ਕਾਰਨਾਂ ਕਰਕੇ ਗਵਾਲੀਅਰ ਦੇ ਕਿਲ੍ਹੇ ਵਿਚ ਕੈਦ ਕੀਤਾ ਤੇ ਫਿਰ ਰਿਹਾਅ ਕਰ ਦਿੱਤਾ ਗਿਆ, ਦੀ ਜਾਣਕਾਰੀ ਬਿਨਾਂ ਬੰਦੀ-ਛੋੜ ਦਿਵਸ ਦੀ ਅਹਿਮੀਅਤ ਨੂੰ ਸਮਝਣਾ ਔਖਾ ਹੈ। ਬਾਣੀ ਦੇ ਬੋਹਿਥ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਿਰਜਣਹਾਰ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਬੇਮਿਸਾਲ ਤੇ ਸ਼ਾਂਤਮਈ ਸ਼ਹਾਦਤ ਨੇ ਸਿੱਖ ਇਤਿਹਾਸ ਵਿਚ ਇਕ ਕ੍ਰਾਂਤੀਕਾਰੀ ਮੋੜ ਲੈ ਆਂਦਾ।

ਸਤਿਗੁਰਾਂ ਦੀ ਅਦੁੱਤੀ ਸ਼ਹਾਦਤ ਤੋਂ ਬਾਅਦ ਇਹ ਗੱਲ ਸਪਸ਼ਟ ਹੋ ਗਈ ਸੀ ਕਿ ਜ਼ਾਲਮਾਂ ਦੇ ਜ਼ੁਲਮ ਨੂੰ ਠੱਲ ਪਾਉਣ ਲਈ ਹਥਿਆਰ ਚੁੱਕਣੇ ਹੀ ਪੈਣਗੇ। ਇਸ ਲਈ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਗੁਰ-ਗੱਦੀ ਦੀ ਪਰੰਪਰਾਗਤ ਰਸਮ ਨੂੰ ਸਮੇਂ ਦੀ ਲੋੜ ਅਨੁਸਾਰ ਬਦਲਦਿਆਂ ਗੁਰਿਆਈ ਧਾਰਨ ਕਰਦੇ ਸਮੇਂ ਮੀਰੀ ਤੇ ਪੀਰੀ ਦੀਆਂ ਦੋ ਤਲਵਾਰਾਂ ਪਹਿਨੀਆਂ। ਗੁਰੂ ਸਾਹਿਬ ਨੇ ਸ੍ਰੀ ਹਰਿਮੰਦਰ ਸਾਹਿਬ ਦੇ ਸਾਹਮਣੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਿਰਜਨਾ ਕੀਤੀ, ਜਿਥੇ ਦੀਵਾਨ ਸਜਦੇ ਅਤੇ ਗੁਰਬਾਣੀ ਕੀਰਤਨ ਦੇ ਨਾਲ-ਨਾਲ ਬੀਰ-ਰਸੀ ਵਾਰਾਂ ਵੀ ਗਾਈਆਂ ਜਾਣ ਲੱਗੀਆਂ। ਗੁਰੂ ਸਾਹਿਬ ਨੇ ਸਿੱਖ ਸੰਗਤਾਂ ਨੂੰ ਦਰਸ਼ਨਾਂ ਲਈ ਆਉਂਦੇ ਸਮੇਂ ਚੰਗੀ ਨਸਲ ਦੇ ਘੋੜੇ ਅਤੇ ਸ਼ਸਤਰ ਲਿਆਉਣ ਦੇ ਆਦੇਸ਼ ਜਾਰੀ ਕੀਤੇ ਅਤੇ ਅਣਖੀਲੇ ਗੱਭਰੂਆਂ ਦੀ ਫੌਜ ਤਿਆਰ ਕਰਕੇ ਉਨ੍ਹਾਂ ਨੂੰ ਜੰਗੀ ਟ੍ਰੇਨਿੰਗ ਦਿੱਤੀ ਜਾਣ ਲੱਗੀ।

ਗੁਰੂ-ਘਰ ਦੇ ਵਿਰੋਧੀਆਂ ਨੇ ਗੁਰੂ ਸਾਹਿਬ ਵਿਰੁੱਧ ਬਾਦਸ਼ਾਹ ਜਹਾਂਗੀਰ ਦੇ ਕੰਨ ਭਰਨੇ ਸ਼ੁਰੂ ਕਰ ਦਿੱਤੇ, ਜਿਸ ਦੇ ਫ਼ਲਸਰੂਪ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੂੰ ਬਗਾਵਤ ਦੇ ਝੂਠੇ ਦੋਸ਼ ਵਿਚ ਗਵਾਲੀਅਰ ਦੇ ਕਿਲ੍ਹੇ ਵਿਚ ਨਜ਼ਰਬੰਦ ਕਰ ਦਿੱਤਾ ਗਿਆ।




ਗੁਰੂ ਸਾਹਿਬ ਦੀ ਨਜ਼ਰਬੰਦੀ ਕੋਈ ਸਾਧਾਰਨ ਗੱਲ ਨਹੀਂ ਸੀ। ਸਿੱਖ ਸੰਗਤਾਂ ਲਈ ਇਹ ਖਬਰ ਬੜੀ ਹਿਰਦੇ ਵੇਦਕ ਸੀ। ਪਰ ਗੁਰੂ ਸਾਹਿਬ ਦੇ ਪਹੁੰਚਣ ਨਾਲ ਗਵਾਲੀਅਰ ਦੇ ਕਿਲ੍ਹੇ ਦਾ ਮਾਹੌਲ ਹੀ ਬਦਲ ਗਿਆ ਜਿਥੇ ਦੋਵੇਂ ਵੇਲੇ ਕੀਰਤਨ ਅਤੇ ਸਤਿਸੰਗ ਹੋਣ ਲੱਗਾ ਅਤੇ ਕਾਲ-ਕੋਠੜੀਆਂ ਵਿਚੋਂ ਪ੍ਰਭੂ-ਸਿਮਰਨ ਦੀਆਂ ਮਿੱਠੀਆਂ ਧੁਨਾਂ ਉੱਠਣ ਲੱਗੀਆਂ। ਗੁਰੂ ਸਾਹਿਬ ਦੀ ਸੰਗਤ ਅਤੇ ਉਪਦੇਸ਼ਾਂ ਨੇ ਸਭ ਬੰਦੀਆਂ ਨੂੰ ਚੜ੍ਹਦੀ ਕਲਾ ਵਿਚ ਲੈ ਆਂਦਾ।

ਓਧਰ ਗੁਰੂ ਸਾਹਿਬ ਦੀ ਨਜ਼ਰਬੰਦੀ ਲੰਬੀ ਹੋ ਜਾਣ ਕਾਰਨ ਸਿੱਖਾਂ ਵਿਚ ਬੇਚੈਨੀ ਵਧਣ ਲੱਗੀ। ਬਾਬਾ ਬੁੱਢਾ ਜੀ ਦੀ ਅਗਵਾਈ 'ਚ ਸਿੱਖ ਸੰਗਤਾਂ ਦਾ ਇਕ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰਦਾਸ ਕਰਕੇ ਗਵਾਲੀਅਰ ਲਈ ਰਵਾਨਾ ਹੋਇਆ। ਜਿਥੋਂ-ਜਿਥੋਂ ਇਹ ਜਥਾ ਕੀਰਤਨ ਕਰਦਾ ਹੋਇਆ ਗੁਜ਼ਰਦਾ, ਸਿੱਖ ਸੰਗਤਾਂ ਇਸ ਦਾ ਭਾਰੀ ਸਵਾਗਤ ਕਰਦੀਆਂ। ਜਦੋਂ ਇਹ ਜਥਾ ਗਵਾਲੀਅਰ ਦੇ ਕਿਲ੍ਹੇ ਪਹੁੰਚਿਆ ਤਾਂ ਸੰਗਤਾਂ ਨੂੰ ਗੁਰੂ ਸਾਹਿਬ ਨਾਲ ਮੁਲਾਕਾਤ ਜਾਂ ਦਰਸ਼ਨ ਕਰਨ ਦੀ ਇਜਾਜ਼ਤ ਨਾ ਮਿਲ ਸਕੀ। ਪਰ ਇਹ ਜਥਾ ਕੀਰਤਨ ਕਰਦਿਆਂ, ਗਵਾਲੀਅਰ ਦੇ ਕਿਲ੍ਹੇ ਦੀਆਂ ਪ੍ਰਕਰਮਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਂਟ ਕਰ ਵਾਪਸ ਮੁੜ ਆਇਆ।

ਮੁਸਲਿਮ ਸੂਫੀ ਸੰਤ ਸਾਈਂ ਮੀਆਂ ਮੀਰ ਜੀ ਵੱਲੋਂ ਬਾਦਸ਼ਾਹ ਜਹਾਂਗੀਰ ਨੂੰ



ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਸਬੰਧੀ ਜਾਣਕਾਰੀ ਦਿੱਤੇ ਜਾਣ 'ਤੇ ਉਸ ਨੇ ਗੁਰੂ ਸਾਹਿਬ ਨੂੰ ਰਿਹਾਅ ਕਰਨ ਦਾ ਫ਼ੁਰਮਾਨ ਜਾਰੀ ਕਰ ਦਿੱਤਾ।

ਪ੍ਰੰਤੂ ਗੁਰੂ ਹਰਿਗੋਬਿੰਦ ਸਾਹਿਬ ਨੇ ਇਕੱਲਿਆਂ ਕਿਲ੍ਹੇ ਵਿਚੋਂ ਰਿਹਾਅ ਹੋਣਾ ਸਵੀਕਾਰ ਨਾ ਕੀਤਾ। ਗੁਰੂ ਸਾਹਿਬ ਦੀ ਰਹਿਮਤ ਸਦਕਾ ਕਿਲ੍ਹੇ ਵਿਚ ਨਜ਼ਰਬੰਦ 52 ਰਾਜਪੂਤ ਰਾਜਿਆਂ ਨੂੰ ਵੀ ਬੰਦੀਖਾਨੇ ਤੋਂ ਮੁਕਤੀ ਮਿਲੀ।

ਇਸ ਦਿਨ ਤੋਂ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੂੰ 'ਬੰਦੀ-ਛੋੜ' ਦਾਤਾ ਦੇ ਨਾਮ ਨਾਲ ਵੀ ਜਾਣਿਆ ਜਾਣ ਲੱਗਾ। ਰਿਹਾਈ ਤੋਂ ਬਾਅਦ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਭਾਰੀ ਗਿਣਤੀ ਵਿਚ ਜਿਸ ਦਿਨ ਸਿੱਖ ਸੰਗਤਾਂ ਨਾਲ ਸ੍ਰੀ ਅੰਮ੍ਰਿਤਸਰ ਵਿਖੇ ਪੁੱਜੇ ਤਾਂ ਉਸ ਦਿਨ ਦੀਵਾਲੀ ਦਾ ਦਿਨ ਸੀ। ਸਿੱਖ ਸੰਗਤਾਂ ਨੇ ਗੁਰੂ ਸਾਹਿਬ ਦੇ ਸ੍ਰੀ ਅੰਮ੍ਰਿਤਸਰ ਸਾਹਿਬ ਪੁੱਜਣ 'ਤੇ ਘਰਾਂ ਵਿਚ ਘਿਓ ਦੇ ਦੀਵੇ ਜਗਾਏ ਅਤੇ ਅਥਾਹ ਖੁਸ਼ੀਆਂ ਮਨਾਈਆਂ।

ਸ੍ਰੀ ਦਰਬਾਰ ਸਾਹਿਬ ਵਿਖੇ ਵੀ ਖੁਸ਼ੀ ਵਿਚ ਦੀਪਮਾਲਾ ਕੀਤੀ ਗਈ। ਇਸ ਦਿਨ ਤੋਂ ਸਿੱਖਾਂ ਵਾਸਤੇ ਦੀਵਾਲੀ ਇਕ ਪਵਿੱਤਰ ਦਿਹਾੜਾ ਬਣ ਗਿਆ ਅਤੇ ਸਿੱਖ ਜਗਤ ਹਰ ਸਾਲ ਸ੍ਰੀ ਅੰਮ੍ਰਿਤਸਰ ਵਿਖੇ ਇਕੱਤਰ ਹੋ ਕੇ ਬੰਦੀ-ਛੋੜ ਦਿਹਾੜਾ ਮਨਾਉਣ ਲੱਗਾ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੋਤੀ-ਜੋਤਿ ਸਮਾਉਣ ਅਤੇ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹੀਦੀ ਉਪਰੰਤ ਬੰਦੀਛੋੜ ਦਿਵਸ (ਦੀਵਾਲੀ) ਅਤੇ ਵਿਸਾਖੀ ਦੇ ਦਿਨ 'ਸਰਬੱਤ ਖ਼ਾਲਸਾ' ਅੰਮ੍ਰਿਤਸਰ ਵਿਖੇ ਇਕੱਤਰ ਹੁੰਦਾ, ਇਸ ਸਮੇਂ ਦਰਪੇਸ਼ ਮਸਲਿਆਂ ਸਬੰਧੀ ਪੰਥਕ ਫ਼ੈਸਲੇ ਤੇ ਗੁਰਮਤੇ ਕੀਤੇ ਜਾਂਦੇ। 1733 ਈਸਵੀ ਦੀ ਦੀਵਾਲੀ ਦੇ ਅਵਸਰ 'ਤੇ ਵੀ ਭਾਈ ਮਨੀ ਸਿੰਘ ਜੀ ਨੇ ਇੰਜ ਹੀ ਇਕੱਤਰ ਹੋਣ ਲਈ ਸੰਗਤਾਂ ਨੂੰ ਸ੍ਰੀ ਅੰਮ੍ਰਿਤਸਰ ਪੁੱਜਣ ਦੇ ਸੱਦੇ ਭੇਜੇ।

ਕਿਉਂਕਿ ਉਸ ਸਮੇਂ ਹਕੂਮਤ ਵਲੋਂ ਅਜਿਹੀ ਇਕੱਤਰਤਾ ਕਰਨ ਦੀ ਮਨਾਹੀ ਸੀ, ਇਸ ਲਈ ਭਾਈ ਮਨੀ ਸਿੰਘ ਨੇ ਵਿਸ਼ੇਸ਼ ਟੈਕਸ ਦੇਣਾ ਮੰਨ ਕੇ ਇਕੱਤਰਤਾ ਕਰਨ ਦੀ ਇਜਾਜ਼ਤ ਲੈ ਲਈ। ਓਧਰ ਨਵਾਬ ਜ਼ਕਰੀਆਂ ਖਾਨ ਨੇ ਇਸ ਇਕੱਠ ਉੱਤੇ ਹਮਲਾ ਕਰਕੇ ਇਕੱਤਰ ਹੋਏ ਸਿੰਘਾਂ ਨੂੰ ਮਾਰ ਮੁਕਾਣ ਦੀ ਯੋਜਨਾ ਬਣਾ ਲਈ, ਜਿਸ ਦੀ ਸੂਹ ਭਾਈ ਸਾਹਿਬ ਨੂੰ ਵੀ ਮਿਲ ਗਈ ਅਤੇ ਉਨ੍ਹਾਂ ਨੇ ਸਿੱਖਾਂ ਨੂੰ ਅੰਮ੍ਰਿਤਸਰ ਆਉਣ ਤੋਂ ਰੋਕ ਦਿੱਤਾ।

ਟੈਕਸ ਨਾ ਭਰਨ ਦਾ ਬਹਾਨਾ ਲਗਾ ਕੇ ਹਕੂਮਤ ਨੇ ਭਾਈ ਮਨੀ ਸਿੰਘ ਨੂੰ ਲਾਹੌਰ ਸੱਦ ਭੇਜਿਆ ਅਤੇ ਟੈਕਸ ਨਾ ਅਦਾ ਕਰਨ ਦੀ ਸੂਰਤ 'ਚ ਸਿੱਖ ਧਰਮ ਛੱਡ ਕੇ ਇਸਲਾਮ ਧਾਰਨ ਕਰਨ ਜਾਂ ਫਿਰ ਮੌਤ ਲਈ ਤਿਆਰ ਹੋਣ ਦਾ ਫ਼ੁਰਮਾਨ ਸੁਣਾ ਦਿੱਤਾ। ਭਾਈ ਸਾਹਿਬ ਨੇ ਹਕੂਮਤ ਨੂੰ ਆਪਣੇ ਇਕਰਾਰ ਤੋਂ ਫਿਰ ਜਾਣ ਕਾਰਨ ਟੈਕਸ ਭਰਨ ਤੋਂ ਸਾਫ਼ ਇਨਕਾਰ ਕਰ ਦਿੱਤਾ ਅਤੇ 'ਸਿੱਖ ਲਈ ਧਰਮ ਪਿਆਰਾ ਹੈ, ਜਾਨ ਪਿਆਰੀ ਨਹੀਂ", ਆਖ ਕੇ ਸ਼ਹਾਦਤ ਦਾ ਜਾਮ ਪੀਣਾ ਮਨਜ਼ੂਰ ਕੀਤਾ।

ਕਾਜ਼ੀ ਵਲੋਂ ਦਿੱਤੇ ਫ਼ਤਵੇ ਅਨੁਸਾਰ ਭਾਈ ਮਨੀ ਸਿੰਘ ਨੂੰ ਬੰਦ-ਬੰਦ ਕੱਟ ਕੇ ਸ਼ਹੀਦ ਕਰ ਦਿੱਤਾ ਗਿਆ। ਇਸ ਤਰ੍ਹਾਂ ਸਿੱਖ ਇਤਿਹਾਸ ਦੀਆਂ ਕਈ ਘਟਨਾਵਾਂ ਦੀਵਾਲੀ ਨਾਲ ਜੁੜੀਆਂ ਹੋਈਆਂ ਹਨ ਜਿਨ੍ਹਾਂ ਕਰਕੇ ਇਹ ਦਿਨ ਸਿੱਖ ਕੌਮ ਲਈ ਖ਼ਾਸ ਅਹਿਮੀਅਤ ਰੱਖਦਾ ਹੈ।

ਅਖ਼ਬਾਰ ਸੱਚ ਦੀ ਤਾਕਤ ਅਦਾਰੇ ਵਲੋ ਬੰਦੀ ਛੋੜ ਦਿਵਸ ਤੇ ਦੀਵਾਲੀ ਦੇ ਇਤਿਹਾਸਕ ਦਿਹਾੜੇ 'ਤੇ ਪੰਥ ਦੀ ਚੜ੍ਹਦੀ ਕਲਾ, ਆਪਸੀ ਏਕਤਾ ਤੇ ਸਦ-ਭਾਵਨਾ ਕਾਇਮ ਕਰਨ ਅਤੇ ਸਰਬੱਤ ਦੇ ਭਲੇ ਦੀ ਕਾਮਨਾ ਕਰਦਿਆਂ ਗੁਰੂ ਸਾਹਿਬ ਵਲੋਂ ਦਰਸਾਏ ਗੁਰਮਤਿ ਗਾਡੀ ਰਾਹ ਦੇ ਧਾਰਨੀ ਹੋ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਬਖਸ਼ਿਸ਼ ਖੰਡੇ-ਬਾਟੇ ਦੀ ਪਾਹੁਲ ਛਕ ਸਤਿਗੁਰਾਂ ਦੀਆਂ ਬਖਸ਼ਿਸ਼ਾਂ ਦੇ ਪਾਤਰ ਬਣੀਏ। ਅਖ਼ਬਾਰ ਸੱਚ ਦੀ ਤਾਕਤ ਅਦਾਰੇ ਵਲੋ ਇਸ ਪਵਿੱਤਰ ਤਿਉਹਾਰ ਅਤੇ ਬੰਦੀ-ਛੋੜ ਦਿਵਸ ਦੀ ਸਮੂਹ ਸੰਗਤ ਨੂੰ ਵਧਾਈ ਹੋਵੇ ਜੀ।

## ਸਰਦਾਰ ਅਜੀਤ ਸਿੰਘ ਭਾਰਦਵਾਜ ਦੀ ਅੰਤਿਮ ਅਰਦਾਸ ਹੋਈ ਪੂਰੀ

# ਰਾਜਨੀਤਿਕ, ਧਾਰਮਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਨੇ ਸ਼ਰਧਾਂਜਲੀ ਭੇਂਟ ਕੀਤੀ










**ਜਲੰਧਰ/ਸੁਨੀਲ ਕੁਮਾਰ**

ਬੀਤੇ ਦਿਨੀਂ, ਸਰਦਾਰ ਅਜੀਤ ਸਿੰਘ ਭਾਰਦਵਾਜ ਜੀ ਸਾਨੂੰ ਸਾਰਿਆਂ ਨੂੰ ਅਲਵਿਦਾ ਕਹਿ ਗਏ ਅਤੇ ਉਹਨਾਂ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਭਾ ਜਲੰਧਰ ਵਿੱਚ ਆਯੋਜਿਤ ਕੀਤੀ ਗਈ। ਇਸ ਦੌਰਾਨ ਪੰਜਾਬ ਦੀਆਂ ਕਈ ਵੱਡੀਆਂ ਸ਼ਖ਼ਸੀਅਤਾਂ ਨੇ ਉਨ੍ਹਾਂ ਦੇ ਜੀਵਨ ਫ਼ਲਸਫ਼ੇ 'ਤੇ ਬੋਲ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਇਸ ਦੌਰਾਨ ਸੀਨੀਅਰ ਆਈ.ਏ.ਐਸ ਡਾ.ਜਗਮੋਹਨ ਸਿੰਘ ਰਾਜੂ, ਜੋ ਕਿ ਤਾਮਿਲਨਾਡੂ ਵਿੱਚ ਮੁੱਖ ਸਕੱਤਰ ਅਤੇ ਭਾਰਤ ਸਰਕਾਰ ਵਿੱਚ ਵਿਸ਼ੇਸ਼ ਸਕੱਤਰ ਸਨ, ਕਾਂਗਰਸ ਦੇ ਮੌਜੂਦਾ ਵਿਧਾਇਕ ਬਾਵਾ ਹੈਨਰੀ, ਜ਼ਿਲ੍ਹਾ ਬਾਰ ਐਸੋਸੀਏਸ਼ਨ ਪੰਜਾਬ ਦੇ ਮੁੱਖ ਵਕੀਲ ਅਦਿੱਤਿਆ ਜੈਨ, ਐਸ , ਸੀ.ਕਮਿਸ਼ਨ ਦੇ ਸਾਬਕਾ ਚੇਅਰਮੈਨ ਰਾਜੇਸ਼ ਬਾਘਾ, ਭਾਜਪਾ ਦੇ ਸਾਬਕਾ ਵਿਧਾਇਕ ਕੇ.ਡੀ.ਭੰਡਾਰੀ, ਅਕਾਲੀ ਦਲ ਦੇ ਸਾਬਕਾ ਵਿਧਾਇਕ ਸਰਦਾਰ ਇੰਦਰ ਇਕਬਾਲ ਸਿੰਘ ਅਟਵਾਲ, ਭਾਜਪਾ ਦੇ ਜਲੰਧਰ ਜ਼ਿਲ੍ਹਾ ਪ੍ਰਧਾਨ ਸੁਸ਼ੀਲ ਸ਼ਰਮਾ, ਆਪ ਪਾਰਟੀ ਦੇ ਆਗੂ ਹੰਸ ਰਾਜ ਰਾਣਾ, ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਦੇ ਸਕੱਤਰ ਡਾ. ਮੈਂਬਰ ਭਾਰਤ ਸਰਕਾਰ ਮਨਜੀਤ ਬਾਲੀ, ਆਪ ਪਾਰਟੀ ਦੇ ਆਗੂ ਤਰੁਣ ਪਾਲ ਸਿੰਘ, ਸ਼੍ਰੀ ਬਾਲਾਜੀ ਇੱਛਾ ਪੂਰਤੀ ਟਰੱਸਟ ਦੇ ਪ੍ਰਧਾਨ ਐਡਵੋਕੇਟ ਸੰਦੀਪ ਥਾਪਰ, ਦੈਨਿਕ ਮੈਟਰੋ ਅਖਬਾਰ ਐਨਕਾਊਂਟਰ ਦੇ ਮੁੱਖ ਸੰਪਾਦਕ ਰਾਕੇਸ਼ ਸ਼ਾਂਤੀਦੂਤ, ਐਸ.ਐਮ.ਓ ਡਾ: ਹਰਦੇਵ ਸਮੇਤ ਕਈ ਸਿਆਸੀ ਤੇ ਸਮਾਜਿਕ ਆਗੂਆਂ ਤੇ ਸੰਸਥਾਵਾਂ ਨੇ ਹਾਜ਼ਰੀ ਭਰੀ। ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਕਈ ਆਗੂਆਂ ਅਤੇ ਸੰਸਥਾਵਾਂ ਨੇ ਆਪਣੇ ਸ਼ੋਕ ਪ੍ਰਸਤਾਵ ਭੇਜੇ।ਸ਼ਰਧਾਜਲੀ ਸਭਾ ਦੌਰਾਨ ਬੋਲਦਿਆਂ ਇੱਕ ਬੁਲਾਰੇ ਨੇ ਕਿਹਾ ਕਿ ਇੰਨੇ ਉੱਚੇ ਅਹੁਦੇ 'ਤੇ ਰਹਿਣ ਦੇ ਬਾਵਜੂਦ ਅਜੀਤ ਸਿੰਘ ਜੀ ਦੀ ਸਾਦਗੀ, ਸ਼ਾਂਤ ਸੁਭਾਅ ਅਤੇ ਨਿਮਰਤਾ ਸਮਾਜ ਲਈ ਇੱਕ ਮਿਸਾਲ ਹੈ ਤਾਂ ਕਿਸੇ ਨੇ ਕਿਹਾ ਕਿ ਅਸੀਂ ਸ. ਅਜੀਤ ਸਿੰਘ ਜੀ ਦੇ ਜੀਵਨ ਤੋਂ ਬਹੁਤ ਕੁਝ ਸਿੱਖ ਸਕਦੇ ਹਾਂ।

ਇੱਥੇ ਵਰਣਨਯੋਗ ਹੈ ਕਿ ਸਰਦਾਰ ਅਜੀਤ ਸਿੰਘ ਭਾਰਦਵਾਜ ਕੇਂਦਰੀ ਆਬਕਾਰੀ ਅਤੇ ਕਸਟਮ ਵਿਭਾਗ ਵਿੱਚ ਮੁੱਖ ਲੇਖਾ ਅਧਿਕਾਰੀ ਵਰਗੇ ਉੱਚ ਅਹੁਦੇ 'ਤੇ ਰਹੇ ਅਤੇ ਰਾਜਸਥਾਨ, ਸ੍ਰੀਨਗਰ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ ਸੇਵਾਵਾਂ ਦਿੱਤੀਆਂ। ਨੌਕਰੀ ਤੋਂ ਵੀਆਰਐਸ ਲੈਣ ਤੋਂ ਬਾਅਦ, ਉਹ 1990 ਵਿੱਚ ਡੇਰਾ ਰਾਧਾ ਸੁਆਮੀ ਸਤਿਸੰਗ ਬਿਆਸ ਚਲੇ ਗਏ ਅਤੇ ਬਾਕੀ ਦੀ ਜ਼ਿੰਦਗੀ ਡੇਰੇ ਵਿੱਚ ਸੇਵਾਦਾਰ ਵਜੋਂ ਬਿਤਾਈ।

ਆਪਣੇ ਆਖਰੀ ਪਲਾਂ 'ਚ ਉਹ ਆਪਣੇ ਬੱਚਿਆਂ ਨਾਲ ਰਹਿਣ ਲਈ ਜਲੰਧਰ ਆਏ ਸਨ, ਜਿੱਥੇ ਉਨ੍ਹਾਂ ਨੇ ਆਖਰੀ ਸਾਹ ਲਿਆ। ਉਹ ਆਪਣੇ ਪਿੱਛੇ 2 ਪੁੱਤਰ ਐਡਵੋਕੇਟ ਤਜਿੰਦਰ ਪਾਲ ਭਾਰਦਵਾਜ, ਸੁਰਿੰਦਰ ਭਾਰਦਵਾਜ ਅਤੇ 4 ਧੀਆਂ ਜੋਗਿੰਦਰ ਕੌਰ, ਸਤਿੰਦਰ ਕੌਰ, ਬਲਵਿੰਦਰ ਕੌਰ ਅਤੇ ਭੁਪਿੰਦਰ ਕੌਰ ਛੱਡ ਗਏ ਹਨ।

## ਸਫ਼ਾ ਇੱਕ ਦਾ ਬਾਕੀ....

**ਨੇਪਾਲ ਵਿੱਚ ਭੂਚਾਲ....**

ਟਵੀਟ ਕਰ ਕੇ ਦਿੱਤੀ ਜਾਣਕਾਰੀ ਨੇਪਾਲ ਦੇ ਪੀਐਮਓ ਨੇ ਟਵੀਟ ਕੀਤਾ ਕਿ ਪ੍ਰਧਾਨ ਮੰਤਰੀ ਪੁਸ਼ਪਾ ਕਮਲ ਦਹਿਲ ਨੇ ਸ਼ੁੱਕਰਵਾਰ ਰਾਤ 11:47 ਵਜੇ ਰਾਮੀਡਾਂਡ, ਜਾਜਰਕੋਟ ਵਿੱਚ ਭੂਚਾਲ ਕਾਰਨ ਹੋਏ ਮਨੁੱਖੀ ਅਤੇ ਮਾਲੀ ਨੁਕਸਾਨ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਹੈ ਅਤੇ ਤੁਰੰਤ ਬਚਾਅ ਅਤੇ ਰਾਹਤ ਲਈ ਸਾਰੀਆਂ 3 ਸੁਰੱਖਿਆ ਏਜੰਸੀਆਂ ਨੂੰ ਤਾਇਨਾਤ ਕਰ ਦਿੱਤਾ ਹੈ। ਦੱਸ ਦੇਈਏ ਕਿ ਨੇਪਾਲ ਵਿੱਚ ਭੂਚਾਲ ਕਾਰਨ ਮਰਨ ਵਾਲਿਆਂ ਦੀ ਗਿਣਤੀ ਹੋਰ ਵੱਧ ਸਕਦੀ ਹੈ। ਦਰਅਸਲ ਸ਼ੁੱਕਰਵਾਰ ਦੇਰ ਰਾਤ ਨੇਪਾਲ ਦੇ ਜਾਜਰਕੋਟ ਦੇ ਪੱਛਮੀ ਖੇਤਰ 'ਚ ਜ਼ਬਰਦਸਤ ਭੂਚਾਲ ਆਇਆ। ਚਸ਼ਮਦੀਦਾਂ ਨੇ ਦੱਸਿਆ ਕਿ ਨੇਪਾਲ ਦੇ ਇਸ ਇਲਾਕੇ ਵਿੱਚ ਦਰਜਨਾਂ ਘਰ ਢਹਿ ਗਏ ਅਤੇ ਦਿੱਲੀ, ਲਖਨਊ, ਪਟਨਾ ਸਮੇਤ ਭਾਰਤ ਵਿੱਚ ਇਮਾਰਤਾਂ ਹਿੱਲ ਗਈਆਂ। ਨੇਪਾਲ ਦੇ ਰਾਸ਼ਟਰੀ ਭੂਚਾਲ ਵਿਗਿਆਨ ਕੇਂਦਰ ਨੇ ਕਿਹਾ ਕਿ ਭੂਚਾਲ ਦੀ ਤੀਬਰਤਾ 6.4 ਸੀ, ਪਰ ਜਰਮਨ ਰਿਸਰਚ ਸੈਂਟਰ ਫਾਰ ਜੀਓਸਾਇੰਸਜ਼ (ਜੀ.ਐੱਫ.ਜ਼ੈੱਡ.) ਨੇ ਬਾਅਦ ਵਿਚ ਇਸ ਦੀ ਤੀਬਰਤਾ ਨੂੰ ਘਟਾ ਕੇ 5.7 ਕਰ ਦਿੱਤਾ ਅਤੇ ਅਮਰੀਕੀ ਭੂ-ਵਿਗਿਆਨ ਸਰਵੇਖਣ ਨੇ ਇਸ ਦੀ ਤੀਬਰਤਾ 5.6 ਦੱਸੀ।

**ਐਲੋਨ ਮਸਕ ਨੇ ਨੋਬਲ...**

ਉਤੇ ਰੱਖਿਆ ਗਿਆ ਹੈ। ਇਸ ਦੌਰਾਨ ਉਨ੍ਹਾਂ ਨੇ ਅਪਣੀ ਐਕਸ ਪੋਸਟ 'ਤੇ ਮਸਕ ਨਾਲ ਇਕ ਤਸਵੀਰ ਵੀ ਸ਼ੇਅਰ ਕੀਤੀ ਹੈ। ਰਾਜੀਵ ਚੰਦਰਸ਼ੇਖਰ ਨੇ ਲਿਖਿਆ, 'ਦੇਖੋ ਮੈਂ ਬਲੈਚਲੇ ਪਾਰਕ, ਯੂਕੇ ਵਿਚ ਏਆਈ ਸੁਰੱਖਿਆ ਸੰਮੇਲਨ ਦੌਰਾਨ ਕਿਸ ਨੂੰ ਮਿਲਿਆ'। ਮਸਕ ਦੀ ਪ੍ਰੇਮਿਕਾ ਸ਼ਿਵਾਨ ਐਲਿਸ ਗਿਲਿਸ ਨੇ ਕੇਂਦਰੀ ਮੰਤਰੀ ਦੀ ਇਸ ਪੋਸਟ ਦਾ ਜਵਾਬ ਦਿੰਦੇ ਹੋਏ ਲਿਖਿਆ, "ਹਾਹਾ, ਹਾਂ, ਇਹ ਸੱਚ ਹੈ। ਅਸੀਂ ਉਸ ਨੂੰ (ਬੇਟੇ ਨੂੰ) ਸ਼ੇਖਰ ਕਹਿ ਕੇ ਬੁਲਾਉਂਦੇ ਹਾਂ। ਇਹ ਨਾਮ ਸੁਬਰਾਮਨੀਅਮ ਚੰਦਰਸ਼ੇਖਰ ਦੇ ਸਨਮਾਨ ਵਿਚ ਚੁਣਿਆ ਗਿਆ ਹੈ"।

ਜ਼ਿਕਰਯੋਗ ਹੈ ਕਿ ਭਾਰਤੀ ਖਗੋਲ ਵਿਗਿਆਨੀ ਚੰਦਰਸ਼ੇਖਰ ਨੇ ਤਾਰਿਆਂ ਦੀ ਬਣਤਰ ਅਤੇ ਵਿਕਾਸ ਲਈ ਮਹੱਤਵਪੂਰਨ ਭੌਤਿਕ ਪ੍ਰਕਿਰਿਆਵਾਂ ਦੇ ਸਿਧਾਂਤਕ ਅਧਿਐਨ ਲਈ 1983 ਵਿਚ ਭੌਤਿਕ ਵਿਗਿਆਨ ਵਿਚ ਨੋਬਲ ਪੁਰਸਕਾਰ ਜਿੱਤਿਆ ਸੀ।

**ਤੁਸੀਂ ਮੇਰੇ ਸਰੀਰ...**

ਜਿੱਤਣ ਲੱਗ ਜਾਂਦੀ ਹੈ। ਜਿਵੇਂ ਤੁਸੀਂ ਪਿਛਲੀਆਂ ਚੋਣਾਂ ਵਿੱਚ ਰਾਣੀ ਅਗਰਵਾਲ ਨੂੰ ਸਮਰਥਨ ਦਿੱਤਾ ਸੀ। ਇਸ ਵਾਰ ਵੀ ਇਹ ਸਿੰਗਰੌਲੀ ਤੋਂ ਸ਼ੁਰੂ ਹੋ ਕੇ ਮੱਧ ਪ੍ਰਦੇਸ਼ ਦੇ ਕੋਨੇ-ਕੋਨੇ ਤੱਕ ਪਹੁੰਚੇਗੀ। ਜਿਸ ਦਿਨ ਚੋਣ ਨਤੀਜੇ ਆਉਣਗੇ, ਪਤਾ ਨਹੀਂ ਮੈਂ ਜੇਲ੍ਹ ਵਿੱਚ ਹੋਵਾਂਗਾ ਜਾਂ ਬਾਹਰ, ਪਰ ਮੈਂ ਜਿੱਥੇ ਵੀ ਹੋਵੇਗਾ, ਆਵਾਜ਼ ਜ਼ਰੂਰ ਆਉਣੀ ਚਾਹੀਦੀ ਹੈ ਕਿ ਸਿੰਗਰੌਲੀ ਵਿੱਚ ਕੇਜਰੀਵਾਲ ਆਏ ਸਨ ਅਤੇ ਸਿੰਗਰੌਲੀ ਦੇ ਲੋਕਾਂ ਨੇ ਸਾਨੂੰ ਇਤਿਹਾਸਕ ਜਿੱਤ ਦੇ ਕੇ ਵਾਪਸ ਭੇਜਿਆ ਹੈ। ਦੱਸ ਦੇਈਏ ਕਿ ਅਰਵਿੰਦ ਕੇਜਰੀਵਾਲ ਨੂੰ ਵੀਰਵਾਰ ਸਵੇਰੇ ਈਡੀ ਨੇ ਆਬਕਾਰੀ ਨੀਤੀ ਮਾਮਲੇ ਵਿੱਚ ਪੁੱਛਗਿੱਛ ਲਈ ਬੁਲਾਇਆ ਸੀ। ਹਾਲਾਂਕਿ, ਕੇਜਰੀਵਾਲ ਈਡੀ ਦੇ ਸਾਹਮਣੇ ਪੇਸ਼ ਨਹੀਂ ਹੋਏ ਅਤੇ ਐਮਪੀ ਵਿੱਚ ਚੋਣ ਪ੍ਰਚਾਰ ਲਈ ਰਵਾਨਾ ਹੋ ਗਏ।

**ਝੋਨੇ ਦੇ ਜਾਅਲੀ ਬਿੱਲ ਬਣਾਉਣ ਵਾਲਾ...**

ਭੂਸ਼ਣ ਆਸ਼ੂ ਨਾਲ ਨਜ਼ਦੀਕੀ ਸਬੰਧ ਸੀ। ਉਨ੍ਹਾਂ ਅੱਗੇ ਦੱਸਿਆ ਕਿ ਮੁਲਜ਼ਮ ਕਾਲੂ ਰਾਮ ਨੇ ਪ੍ਰਸ਼ਾਸਨਿਕ ਅਤੇ ਸਿਆਸੀ ਸ਼ਹਿ 'ਤੇ ਜਾਅਲੀ ਬਿੱਲਾਂ ਜ਼ਰੀਏ ਬਿਨਾਂ ਐਮ.ਐਸ.ਪੀ. (ਘੱਟੋ-ਘੱਟ ਸਮਰਥਨ ਮੁੱਲ) ਤੋਂ ਹੋਰਨਾਂ ਸੂਬਿਆਂ ਤੋਂ ਝੋਨਾ ਖ਼ਰੀਦ ਕੇ ਮੁਲਜ਼ਮ ਰਾਈਸ ਮਿੱਲਰਾਂ ਕ੍ਰਿਸ਼ਨ ਲਾਲ ਅਤੇ ਸੁਰਿੰਦਰ ਕੁਮਾਰ ਧੋਤੀਵਾਲਾ ਨੂੰ ਮੁਹੱਈਆ ਕਰਵਾਇਆ ਸੀ। ਇਸ ਮੁਲਜ਼ਮ ਨੇ ਕਿਸਾਨਾਂ ਵੱਲੋਂ ਉਨ੍ਹਾਂ ਦੀਆਂ ਦੁਕਾਨਾਂ 'ਤੇ ਲਿਆਂਦੇ ਝੋਨੇ ਦੀ ਅਸਲ ਪੈਦਾਵਾਰ ਦੀ ਬਜਾਏ ਲੁਧਿਆਣਾ ਜ਼ਿਲ੍ਹੇ ਵਿੱਚ ਵੱਧ ਫ਼ਸਲ ਦਰਸਾਉਣ ਵਾਲੇ ਫ਼ਰਜ਼ੀ ਬਿੱਲ ਤਿਆਰ ਕਰਨ ਵਿੱਚ ਉਕਤ ਮੁਲਜ਼ਮ ਕਮਿਸ਼ਨ ਏਜੰਟਾਂ/ਆੜ੍ਹਤੀਆਂ ਦੀ ਮੱਦਦ ਵੀ ਕੀਤੀ ਸੀ ਤਾਂ ਜੋ ਸੂਬਾ ਸਰਕਾਰ ਤੋਂ ਇਸ ਝੋਨੇ ਨੂੰ ਐਮ.ਐਸ.ਪੀ. ਉਪਰ ਵੇਚ ਕੇ ਵੱਧ ਮੁਨਾਫ਼ਾ ਕਮਾਇਆ ਜਾ ਸਕੇ। ਬੁਲਾਰੇ ਨੇ ਦੱਸਿਆ ਕਿ ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਪਹਿਲਾਂ ਹੀ ਐਫ.ਆਈ.ਆਰ. ਨੰਬਰ 11, ਮਿਤੀ 16.08.22 ਨੂੰ ਆਈ.ਪੀ.ਸੀ. ਦੀ ਧਾਰਾ 420, 465, 468, 471, 120-ਬੀ ਅਤੇ ਭ੍ਰਿਸ਼ਟਾਚਾਰ ਰੋਕੂ ਐਕਟ ਦੀ ਧਾਰਾ 7, 8, 12, 13(2) ਤਹਿਤ ਮੁਕੱਦਮਾ ਦਰਜ ਹੈ। ਇਸ ਮੁਕੱਦਮੇ ਵਿੱਚ ਸ਼ਾਮਲ 16 ਮੁਲਜ਼ਮਾਂ ਵਿੱਚੋਂ 11 ਮੁਲਜ਼ਮ ਜਿੰਨਾ ਵਿੱਚ ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ, ਤੇਲੂ ਰਾਮ, ਜਗਰੂਪ ਸਿੰਘ ਤੇ ਸੰਦੀਪ ਭਾਟੀਆ (ਤਿੰਨੋਂ ਠੇਕੇਦਾਰ), ਅਨਿਲ ਜੈਨ, ਕ੍ਰਿਸ਼ਨ ਲਾਲ ਧੋਤੀਵਾਲਾ ਤੇ ਸੁਰਿੰਦਰ ਕੁਮਾਰ ਧੋਤੀਵਾਲਾ (ਤਿੰਨੋਂ ਆੜ੍ਹਤੀ), ਡੀ.ਐਫ.ਐਸ.ਸੀ. ਹਰਵੀਨ ਕੌਰ ਤੇ ਸੁਖਵਿੰਦਰ ਸਿੰਘ ਗਿੱਲ ਤੋਂ ਇਲਾਵਾ ਸਾਬਕਾ ਮੰਤਰੀ ਆਸ਼ੂ ਦੇ ਦੋ ਪ੍ਰਾਈਵੇਟ ਸਹਾਇਕਾਂ ਪੰਕਜ ਉਰਫ਼ ਮੀਨੂੰ ਮਲਹੋਤਰਾ ਅਤੇ ਇੰਦਰਜੀਤ ਇੰਦੀ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ।

**ਵਿਜੀਲੈਂਸ ਬਿਊਰੋ ਨੇ ਕੈਮਿਸਟ...**

ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਦਫਤਰ ਲੁਧਿਆਣਾ ਵਿਖੇ ਪਹੁੰਚ ਕੇ ਆਪਣੇ ਬਿਆਨ ਦਰਜ ਕਰਵਾਏ ਅਤੇ ਦੋਸ਼ ਲਾਇਆ ਕਿ ਉਕਤ ਦੋਵੇਂ ਡਾਕਟਰ ਉਸ ਤੋਂ ਰਿਸ਼ਵਤ ਦੀ ਮੰਗ ਕਰ ਰਹੇ ਹਨ ਕਿਉਂਕਿ ਉਹ ਸਾਹਨੇਵਾਲ ਵਿਖੇ ਡੱਬ ਮੈਡੀਕਲ ਸਟੋਰ ਨਾਮਕ ਕੈਮਿਸਟ ਦੀ ਦੁਕਾਨ ਚਲਾ ਰਿਹਾ ਹੈ। ਉਸਨੇ ਅੱਗੇ ਦੱਸਿਆ ਕਿ ਡਾ: ਗੌਰਵ ਜੈਨ 2 ਹੋਰਾਂ ਨਾਲ 26.10.2023 ਨੂੰ ਉਸਦੀ ਕੈਮਿਸਟ ਦੀ ਦੁਕਾਨ 'ਤੇ ਚੈਕਿੰਗ ਲਈ ਆਇਆ ਅਤੇ ਉਥੇ ਮੌਜੂਦ ਉਦਸੇ ਭਰਾ ਨੂੰ ਆਖਿਆ ਕਿ ਕੁਲਵਿੰਦਰ ਸਿੰਘ (ਸ਼ਿਕਾਇਤਕਰਤਾ) ਵਿਰੁੱਧ ਬਿਨਾਂ ਲਾਇਸੈਂਸ ਤੋਂ ਦਵਾਈਆਂ ਵੇਚਣ ਅਤੇ ਗੈਰ-ਕਾਨੂੰਨੀ ਪੈਥੋਲੋਜੀਕਲ ਲੈਬਾਰਟਰੀ ਚਲਾਉਣ ਦੀ ਸ਼ਿਕਾਇਤ ਹੈ। ਉਸਦੀ ਦੁਕਾਨ ਤੋਂ ਜਾਣ ਤੋਂ ਪਹਿਲਾਂ ਡਾਕਟਰ ਗੌਰਵ ਜੈਨ ਨੇ ਉਸਦੇ ਭਰਾ ਨੂੰ ਐਸ.ਐਮ.ਓ. ਡਾ: ਪੂਨਮ ਗੋਇਲ ਨੂੰ ਮਿਲਣ ਲਈ ਕਿਹਾ। ਸ਼ਿਕਾਇਤਕਰਤਾ ਨੇ ਅੱਗੇ ਦੱਸਿਆ ਕਿ ਜਦੋਂ ਉਹ ਐਸ.ਐਮ.ਓ. ਪੂਨਮ ਗੋਇਲ ਨੂੰ ਮਿਲਿਆ ਤਾਂ ਉਸਨੇ ਉਸਦੀ ਮੈਡੀਕਲ ਦੁਕਾਨ ਨੂੰ ਸੀਲ ਕਰਨ ਅਤੇ ਉਸਦੇ ਖਿਲਾਫ ਮਾਮਲਾ ਦਰਜ ਕਰਨ ਦੀ ਧਮਕੀ ਦਿੱਤੀ। ਉਸਦੀ ਬੇਨਤੀ 'ਤੇ, ਉਸਨੇ ਉਸਨੂੰ ਮਾਮਲਾ ਸੁਲਝਾਉਣ ਲਈ ਡਾਕਟਰ ਗੌਰਵ ਜੈਨ ਨੂੰ ਮਿਲਣ ਲਈ ਕਿਹਾ। ਇਸ ਤੋਂ ਬਾਅਦ ਡਾਕਟਰ ਗੌਰਵ ਜੈਨ ਨੇ ਸ਼ਿਕਾਇਤਕਰਤਾ ਨੂੰ ਦੱਸਿਆ ਕਿ ਐਸ.ਐਮ.ਓ. ਮੈਡਮ ਇੱਕ ਲੱਖ ਰੁਪਏ ਰਿਸ਼ਵਤ ਦੀ ਮੰਗ ਰਹੀ ਹੈ ਪਰ ਮਿੰਨਤਾਂ ਕਰਨ ਤੇ ਸੌਦਾ 20 ਹਜ਼ਾਰ ਰੁਪਏ ਵਿੱਚ ਹੋ ਗਿਆ। ਸ਼ਿਕਾਇਤਕਰਤਾ ਨੇ ਦੱਸਿਆ ਕਿ ਡਾਕਟਰ ਗੌਰਵ ਜੈਨ ਨੇ ਉਸੇ ਦਿਨ ਹੀ ਉਸ ਕੋਲ਼ੋਂ 5 ਹਜ਼ਾਰ ਰੁਪਏ ਲੈ ਲਏ ਸਨ ਅਤੇ ਹੁਣ ਬਾਕੀ ਰਕਮ ਦੇਣ ਦੀ ਮੰਗ ਕਰ ਰਿਹਾ ਹੈ। ਡਾ: ਗੌਰਵ ਜੈਨ ਨਾਲ ਫ਼ੋਨ ਕਾਲਾਂ ਦੌਰਾਨ ਸ਼ਿਕਾਇਤਕਰਤਾ ਨੇ ਗੱਲਬਾਤ ਦੀ ਰਿਕਾਰਡਿੰਗ ਕਰ ਲਈ ਜੋ ਉਸਨੇ ਸਬੂਤ ਵਜੋਂ ਵਿਜੀਲੈਂਸ ਨੂੰ ਸੌਂਪੀ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਵਿੱਚ ਦੋਸ਼ੀ ਡਾਕਟਰ ਗੌਰਵ ਜੈਨ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿੱਚ 15000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ। ਇਸ ਤੋਂ ਬਾਅਦ ਡਾਕਟਰ ਪੂਨਮ ਗੋਇਲ ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ ਹੈ। ਇਸ ਸਬੰਧੀ 28 ਮਿਤੀ 03.11.2023 ਨੂੰ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7 ਅਤੇ ਆਈ.ਪੀ.ਸੀ. ਦੀ 120-ਬੀ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਐਫ.ਆਈ.ਆਰ. ਨੰਬਰ 28 ਦਰਜ ਕਰ ਲਈ ਹੈ। ਦੋਵਾਂ ਮੁਲਜ਼ਮਾਂ ਨੂੰ ਭਲਕੇ ਲੁਧਿਆਣਾ ਦੀ ਸਥਾਨਕ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

**ਦਿੱਲੀ ਵਿਚ ਫ਼ੇਲ੍ਹ...**

ਕਰਨਾਟਕ 29,000 ਕਰੋੜ, ਤੇਲੰਗਾਨਾ 31,000 ਕਰੋੜ ਤੇ ਕੇਰਲਾ 16,000 ਕਰੋੜ ਸ਼ਰਾਬ ਤੋਂ ਕਮਾ ਰਹੇ ਹਨ ਪਰ ਸ਼ਰਾਬ ਦੀ ਖਪਤ ਵੱਧ ਹੋਣ ਦੇ ਬਾਵਜੂਦ ਪੰਜਾਬ ਸ਼ਰਾਬ ਤੋਂ ਮਾਮੂਲੀ ਰੁਪਏ ਹੀ ਕਮਾ ਰਿਹਾ ਹੈ ਜਦਕਿ ਇਥੇ ਠੇਕੇਦਾਰ ਵੱਧ ਕਮਾ ਰਹੇ ਹਨ। ਉਨ੍ਹਾਂ ਕਿਹਾ ਕਿ ਐੱਲ-1 ਲਾਇਸੰਸ ਸਭ ਤੋਂ ਵੱਡੀ ਠੱਗੀ ਹੈ, ਇਨ੍ਹਾਂ ਨੇ ਤਾਂ ਇਸ ਠੱਗੀ ਨੂੰ ਹੋਰ ਵੱਡੀ ਕਰਨ ਲਈ ਸੁਪਰ ਐੱਲ-1 ਲਾਇਸੈਂਸ ਜਾਰੀ ਕਰ ਦਿੱਤੇ ਹਨ। 5 ਤੋਂ 12 ਫ਼ੀਸਦੀ ਕਮਿਸ਼ਨ ਕਰਕੇ ਠੇਕੇਦਾਰਾਂ ਨੂੰ ਮੋਟੀ ਕਮਾਈ ਕਰਵਾਈ ਜਾ ਰਹੀ ਹੈ ਜਿਸ ਤੋਂ ਲੱਗ ਰਿਹਾ ਹੈ ਕਿ ਮੁੱਖ ਮੰਤਰੀ ਠੇਕੇਦਾਰਾਂ ਦੇ ਦਬਾਅ ਹੇਠਾਂ ਦੱਬ ਕੇ ਰਹਿ ਗਿਆ ਹੈ। ਸ਼ਰਾਬ ਵਿਚ ਹੋ ਰਹੇ ਘਪਲਿਆਂ ਨੂੰ ਪਰਦੇ ਵਿਚ ਰੱਖਣ ਲਈ ਕਿਸੇ ਆਰਟੀਆਈ ਦਾ ਜਵਾਬ ਵੀ ਨਹੀਂ ਦਿੱਤਾ ਜਾ ਰਿਹਾ। ਪੰਜਾਬ ਵਿਚ ਖੁੱਲ੍ਹੀ ਬਹਿਸ ਬਾਰੇ ਉਨ੍ਹਾਂ ਕਿਹਾ ਕਿ ਇਸ ਨਾਲ ਪੰਜਾਬ ਦਾ ਕੁਝ ਵੀ ਨਹੀਂ ਸੰਵਾਰਿਆ। ਇਹ ਪੁੱਛਣ 'ਤੇ ਕਿ ਕੈਪਟਨ ਅਮਰਿੰਦਰ ਸਿੰਘ ਪੰਜਾਬ ਦੇ ਕਿਸੇ ਮੁੱਦੇ 'ਤੇ ਨਹੀਂ ਬੋਲ ਰਹੇ, ਬਾਰੇ ਸ੍ਰੀ ਸਿੱਧੂ ਨੇ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਪਹਿਲਾਂ ਵੀ ਪੰਜਾਬ ਹਤੈਸ਼ੀ ਨਹੀਂ ਸੀ ਤੇ ਅੱਜ ਵੀ ਉਨ੍ਹਾਂ ਤੋਂ ਪੰਜਾਬ ਦੇ ਭਲੇ ਲਈ ਕੋਈ ਵੀ ਆਸ ਨਹੀਂ ਰੱਖੀ ਜਾ ਸਕਦੀ। ਪੰਜ ਸੂਬਿਆਂ ਦੀਆਂ ਚੋਣਾਂ ਵਿਚ ਪ੍ਰਚਾਰ ਕਰਨ ਲਈ ਜਾਣ ਦੇ ਸਵਾਲ ਤੇ ਸ੍ਰੀ ਸਿੱਧੂ ਨੇ ਕਿਹਾ ਕਿ ਹਾਈਕਮਾਂਡ ਨੇ ਹਾਲੇ ਉਨ੍ਹਾਂ ਨੂੰ ਕੋਈ ਹੁਕਮ ਨਹੀਂ ਕੀਤਾ, ਇਸ ਕਰਕੇ ਉਹ ਕਤਿ ਨਹੀਂ ਜਾ ਰਿਹਾ ਜਦੋਂ ਵੀ ਕੋਈ ਹੁਕਮ ਹੋਵੇਗਾ ਉਹ ਜਾਵੇਗਾ ਪਰ ਪੰਜਾਬ ਨਹੀਂ ਛੱਡੇਗਾ।

**ਦੀਵਾਲੀ 'ਤੇ ਪਟਾਕੇ ....**

ਆਮ ਲੋਕਾਂ ਨੂੰ ਜਾਗਰੂਕ ਕਰਨਾ ਜ਼ਰੂਰੀ ਹੈ। ਅੱਜ-ਕੱਲ੍ਹ ਬੱਚੇ ਜ਼ਿਆਦਾ ਪਟਾਕੇ ਨਹੀਂ ਚਲਾਉਂਦੇ ਬਲਕਿ ਵੱਡੇ ਅਜਿਹਾ ਕਰਦੇ ਹਨ। ਇਹ ਗਲਤ ਧਾਰਨਾ ਹੈ ਕਿ ਜਦੋਂ ਪ੍ਰਦੂਸ਼ਣ ਤੇ ਵਾਤਾਵਰਣ ਸੰਭਾਲ ਦੀ ਗੱਲ ਆਉਂਦੀ ਹੈ ਤਾਂ ਇਹ ਅਦਾਲਤਾਂ ਦੀ ਜ਼ਿੰਮੇਵਾਰੀ ਹੈ। ਲੋਕਾਂ ਨੂੰ ਵੀ ਅੱਗੇ ਆਉਣਾ ਪਵੇਗਾ। ਹਵਾ ਤੇ ਆਵਾਜ਼ ਪ੍ਰਦੂਸ਼ਣ ਨਾਲ ਨਜਿੱਠਣਾ ਹਰ ਕਿਸੇ ਦਾ ਕੰਮ ਹੈ।' ਸੁਪਰੀਮ ਕੋਰਟ ਪਟਾਕਿਆਂ 'ਤੇ ਪਾਬੰਦੀ ਲਾਉਣ ਦੀ ਮੰਗ ਵਾਲੀ ਇੱਕ ਪੈਂਡਿੰਗ ਪਟੀਸ਼ਨ ਵਿੱਚ ਦਾਇਰ ਦਖਲ ਸਬੰਧੀ ਅਰਜ਼ੀ 'ਤੇ ਸੁਣਵਾਈ ਕਰ ਰਿਹਾ ਸੀ। ਅਰਜ਼ੀ 'ਚ ਰਾਜਸਥਾਨ ਸਰਕਾਰ ਨੂੰ ਹਵਾ ਤੇ ਆਵਾਜ਼ ਪ੍ਰਦੂਸ਼ਣ ਦੀ ਜਾਂਚ ਲਈ ਕਦਮ ਚੁੱਕਣ ਤੇ ਦੀਵਾਲੀ ਤੇ ਵਿਆਹਾਂ ਮੌਕੇ ਉਦੈਪੁਰ ਸ਼ਹਿਰ 'ਚ ਪਟਾਕਿਆਂ 'ਤੇ ਪਾਬੰਦੀ ਲਾਉਣ ਦਾ ਨਿਰਦੇਸ਼ ਦੇਣ ਦੀ ਮੰਗ ਕੀਤੀ ਗਈ ਹੈ।

ਬੈਂਚ ਨੇ ਅਰਜ਼ੀ ਪੈਂਡਿੰਗ ਰਖਦਿਆਂ ਕਿਹਾ, 'ਅਰਜ਼ੀ 'ਤੇ ਕੋਈ ਵਿਸ਼ੇਸ਼ ਹੁਕਮ ਪਾਸ ਕਰਨ ਦੀ ਲੋੜ ਨਹੀਂ ਕਿਉਂਕਿ ਅਦਾਲਤ ਨੇ ਹਵਾ ਤੇ ਆਵਾਜ਼ ਪ੍ਰਦੂਸ਼ਕਾਂ ਦੀ ਜਾਂਚ ਲਈ ਕਈ ਹੁਕਮ ਪਾਸ ਕੀਤੇ ਹਨ। ਉਕਤ ਹੁਕਮ ਰਾਜਸਥਾਨ ਤੇ ਸੂਬਾ ਸਰਕਾਰ ਇਸ ਗੱਲ ਲਈ ਪਾਬੰਦ ਕਰਦੇ ਹਨ ਕਿ ਸਰਕਾਰ ਨੂੰ ਨਾ ਸਿਰਫ਼ ਤਿਉਹਾਰੀ ਸੀਜ਼ਨ ਦੌਰਾਨ ਬਲਕਿ ਉਸ ਤੋਂ ਬਾਅਦ ਵੀ ਇਸ 'ਤੇ ਧਿਆਨ ਦੇਣਾ ਚਾਹੀਦਾ ਹੈ।

**ਪੰਜਾਬ ਵਿੱਚ ਨਗਰ-ਨਿਗਮ...**

ਅਗਸਤ 'ਚ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ। ਦੀਵਾਲੀ ਦਾ ਤਿਉਹਾਰ 12 ਨਵੰਬਰ ਨੂੰ ਹੈ, ਇਸ ਲਈ ਨਵੰਬਰ ਦੇ ਪਹਿਲੇ ਹਫ਼ਤੇ ਚੋਣਾਂ ਹੋਣ ਦੀ ਸੰਭਾਵਨਾ ਜ਼ਿਆਦਾ ਸੀ। ਪੰਜਾਬ ਸਰਕਾਰ ਨੇ ਸੂਬੇ ਦੇ ਪੰਜ ਨਗਰ ਨਿਗਮਾਂ ਦੀਆਂ ਚੋਣਾਂ ਕਰਵਾਉਣ ਲਈ ਚੋਣ ਕਮਿਸ਼ਨ ਨੂੰ ਪੱਤਰ ਵੀ ਲਿਖਿਆ ਸੀ। ਦੱਸ ਦੇਈਏ ਕਿ ਪੰਜਾਬ ਦੀਆਂ 34 ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦਾ ਕਾਰਜਕਾਲ ਦਸੰਬਰ 2022 ਤੋਂ ਫਰਵਰੀ 2023 ਦਰਮਿਆਨ ਖ਼ਤਮ ਹੋ ਗਿਆ ਹੈ ਪਰ ਨਗਰ ਨਿਗਮ ਚੋਣਾਂ ਦੀ ਤਰੀਕ ਚੋਣ ਕਮਿਸ਼ਨ ਦੇ ਅੰਤਿਮ ਫੈਸਲੇ ਤੋਂ ਬਾਅਦ ਹੀ ਤੈਅ ਹੋਵੇਗੀ। ਇਸੇ ਤਰੀਕ ਨੂੰ ਚੋਣਾਂ ਹੋਣਗੀਆਂ। ਅੰਮ੍ਰਿਤਸਰ, ਲੁਧਿਆਣਾ, ਜਲੰਧਰ, ਪਟਿਆਲਾ ਅਤੇ ਫਗਵਾੜਾ ਜ਼ਿਲ੍ਹਿਆਂ ਵਿੱਚ ਜਨਵਰੀ 2023 ਤੋਂ ਲੋਕਲ ਬਾਡੀ ਚੋਣਾਂ ਲਟਕ ਰਹੀਆਂ ਹਨ। ਇਸ ਦੇ ਨਾਲ ਹੀ ਫਗਵਾੜਾ ਨੂੰ ਨਗਰ ਨਿਗਮ ਬਣਨ ਤੋਂ ਬਾਅਦ ਹੁਣ ਤੱਕ ਚੋਣਾਂ ਨਹੀਂ ਕਰਵਾਈਆਂ ਗਈਆਂ।

# ਜਲੰਧਰ-ਜੰਮੂ ਨੈਸ਼ਨਲ ਹਾਈਵੇ 'ਤੇ ਲੁਟੇਰਿਆਂ ਦਾ ਆਤੰਕ, ਫਾਰਚੂਨਰ ਦੇ ਸ਼ੀਸ਼ੇ ਤੋੜ ਕੇ ਲੱਖਾਂ ਰੁਪਏ ਚੋਰੀ

**ਭੋਗਪੁਰ • ਅਰਸ਼ਦੀਪ**

ਜਲੰਧਰ-ਪਠਾਨਕੋਟ ਨੈਸ਼ਨਲ ਹਾਈਵੇ 'ਤੇ ਲੁਟੇਰਿਆਂ ਅਤੇ ਚੋਰਾਂ ਦਾ ਆਤੰਕ ਰੁਕਣ ਦਾ ਨਾਂ ਨਹੀਂ ਲੈ ਰਿਹਾ ਹੈ। ਐਤਵਾਰ ਦੇਰ ਸ਼ਾਮ ਲੁਟੇਰਿਆਂ ਨੇ ਸੜਕ ਕਿਨਾਰੇ ਖੜ੍ਹੀ ਫਾਰਚੂਨਰ ਕਾਰ ਦਾ ਸ਼ੀਸ਼ਾ ਤੋੜ ਕੇ ਉਸ ਵਿਚੋਂ ਇਕ ਬੈਗ ਚੋਰੀ ਕਰ ਲਿਆ, ਜਿਸ ਵਿਚ ਡੇਢ ਲੱਖ ਰੁਪਏ ਦੀ ਨਕਦੀ ਅਤੇ ਕਾਰ ਮਾਲਕ ਦੇ ਕਈ ਜ਼ਰੂਰੀ ਦਸਤਾਵੇਜ਼ ਸਨ। ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਵਾਹਨ ਮਾਲਕ ਪੁਸ਼ਪਿੰਦਰ ਸਿੰਘ ਪੁੱਤਰ ਤਾਰਾ ਸਿੰਘ ਵਾਸੀ ਭਟਨੂਰਾ ਲੁਬਾਣਾ ਨੇ ਦੱਸਿਆ ਕਿ ਉਹ ਕਾਲਾ ਬੱਕਰਾ ਅਤੇ ਨਿਜ਼ਾਮਦੀਨਪੁਰ ਵਿਚਕਾਰ ਨਵਾਂ ਪੈਟਰੋਲ ਪੰਪ ਖੋਲ੍ਹਣ ਜਾ ਰਿਹਾ ਹੈ, ਜਿਸ ਦੀ ਉਸਾਰੀ ਦਾ ਕੰਮ ਚੱਲ ਰਿਹਾ ਹੈ। ਉਹ ਅੱਜ ਆਪਣੀ ਸਾਈਟ 'ਤੇ ਆਏ ਅਤੇ ਆਪਣੀ ਫਾਰਚੂਨਰ ਗੱਡੀ ਸੜਕ ਦੇ ਕਿਨਾਰੇ ਖੜ੍ਹੀ ਕਰਕੇ ਉਸਾਰੀ ਵਾਲੀ ਥਾਂ ਵੱਲ ਚਲੇ ਗਏ ਅਤੇ ਕੁਝ ਸਮੇਂ ਬਾਅਦ ਅਚਾਨਕ ਗੱਡੀ ਦਾ ਸੁਰੱਖਿਆ ਅਲਾਰਮ ਵੱਜਣ ਲੱਗਾ। ਜਦੋਂ ਉਸ ਦੇ ਕਰਮਚਾਰੀ ਕਾਰ ਵੱਲ ਭੱਜੇ ਤਾਂ ਇਕ ਨੌਜਵਾਨ ਕਾਰ 'ਚੋਂ ਬੈਗ ਚੋਰੀ ਕਰਕੇ ਭੱਜਦਾ ਦਿਖਾਈ ਦਿੱਤਾ, ਜੋ ਕਿ ਢਾਬਿਆਂ ਨੇੜੇ ਜਾ ਕੇ ਅਚਾਨਕ ਗਾਇਬ ਹੋ ਗਿਆ। ਪੀੜਤ ਨੇ ਦੱਸਿਆ ਹੈ ਕਿ ਲੁਟੇਰੇ ਕਾਰ ਦਾ ਸ਼ੀਸ਼ਾ ਤੋੜ ਕੇ ਕਾਰ ਵਿੱਚ ਪਿਆ ਬੈਗ ਚੋਰੀ ਕਰਕੇ ਫਰਾਰ ਹੋ ਗਏ। ਇਸ ਬੈਗ ਵਿੱਚ 1 ਲੱਖ ਰੁਪਏ ਦੀ ਨਕਦੀ, ਕਈ ਕ੍ਰੈਡਿਟ ਕਾਰਡ ਅਤੇ ਕਈ ਬੈਂਕ ਖਾਤਿਆਂ ਦੀਆਂ ਚੈੱਕ ਬੁੱਕ ਸਨ। ਪੁਸ਼ਪਿੰਦਰ ਸਿੰਘ ਨੇ ਇਸ ਦੀ ਸੂਚਨਾ ਪੁਲਸ ਚੌਕੀ ਲੁਹਾਡਾ ਨੂੰ



ਦਿੱਤੀ, ਜਿਸ ਤੋਂ ਬਾਅਦ ਚੌਕੀ ਇੰਚਾਰਜ ਪਰਮਜੀਤ ਸਿੰਘ ਪੁਲਸ ਪਾਰਟੀ ਨਾਲ ਮੌਕੇ 'ਤੇ ਪਹੁੰਚੇ ਅਤੇ ਜਾਂਚ ਸ਼ੁਰੂ ਕਰ ਦਿੱਤੀ। ਖ਼ਬਰ ਲਿਖੇ ਜਾਣ ਤੱਕ ਇਸ ਲੁਟੇਰੇ ਬਾਰੇ ਕੁਝ ਪਤਾ ਨਹੀਂ ਲੱਗ ਸਕਿਆ ਸੀ। ਜ਼ਿਕਰਯੋਗ ਹੈ ਕਿ ਇਸ ਹਾਈਵੇਅ 'ਤੇ ਅਕਸਰ ਹੀ ਚੋਰੀਆਂ ਅਤੇ ਲੁੱਟਾਂ-ਖੋਹਾਂ ਦੀਆਂ ਘਟਨਾਵਾਂ ਵਾਪਰਦੀਆਂ ਰਹਿੰਦੀਆਂ ਹਨ ਪਰ ਪੁਲਸ ਖਾਲੀ ਹੱਥ ਜਾਪਦੀ ਹੈ। ਹਾਲਾਤ ਇੰਨੇ ਖਰਾਬ ਹੋ ਗਏ ਹਨ ਕਿ ਲੋਕ ਚੋਰਾਂ ਅਤੇ ਲੁਟੇਰਿਆਂ ਦੀ ਸੂਚਨਾ ਪੁਲਸ ਨੂੰ ਦੇਣ ਤੋਂ ਵੀ ਕੰਨੀ ਕਤਰਾਉਣ ਲੱਗੇ ਹਨ। ਇਸ ਮਾਮਲੇ ਸਬੰਧੀ ਜਦੋਂ ਥਾਣਾ ਭੋਗਪੁਰ ਦੇ ਮੁਖੀ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਚੌਕੀ ਲੁਹਾਡਾ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ, ਪੁਲਿਸ ਵੱਲੋਂ ਆਸ-ਪਾਸ ਲੱਗੇ ਸੀ.ਸੀ.ਟੀ.ਵੀ ਕੈਮਰਿਆਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਜਲਦ ਹੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ।

# ਜਲੰਧਰ 'ਚ ਵਿਗੜ ਰਹੀ ਹੈ ਸਥਿਤੀ, 6 ਤੋਂ 12 ਨਵੰਬਰ ਤੱਕ ਜਾਰੀ ਕੀਤੀਆਂ ਸਖ਼ਤ ਹਦਾਇਤਾਂ, ਪੜ੍ਹੋ...

**ਜਲੰਧਰ • ਸੁਨੀਲ ਕੁਮਾਰ**

ਪੰਜਾਬ ਦੇ ਸ਼ਹਿਰਾਂ 'ਚ ਡੇਂਗੂ ਦਾ ਆਤੰਕ ਲਗਾਤਾਰ ਵਧਦਾ ਜਾ ਰਿਹਾ ਹੈ। ਡੇਂਗੂ ਦੀ ਰੋਕਥਾਮ ਲਈ ਕੀਤੇ ਜਾ ਰਹੇ ਕੰਮਾਂ ਦਾ ਜਾਇਜ਼ਾ ਲੈਣ ਅਤੇ ਸਿਹਤ ਮੰਤਰੀ ਪੰਜਾਬ ਡਾ: ਬਲਬੀਰ ਸਿੰਘ ਦੀਆਂ ਹਦਾਇਤਾਂ ਅਨੁਸਾਰ ਸਿਵਲ ਸਰਜਨ ਡਾ: ਰਮਨ ਸ਼ਰਮਾ ਨੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰਾਂ, ਸਿਹਤ ਸੁਪਰਵਾਈਜ਼ਰਾਂ ਅਤੇ ਨਗਰ ਨਿਗਮ ਦੇ ਸਟਾਫ਼ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਮੀਟਿੰਗ ਵਿੱਚ ਡਾ: ਸ਼ਰਮਾ ਨੇ ਦੱਸਿਆ ਕਿ ਸਿਹਤ ਵਿਭਾਗ ਪੰਜਾਬ ਵੱਲੋਂ ਜਾਰੀ ਐਡਵਾਈਜ਼ਰੀ ਦੀ ਪਾਲਣਾ ਕਰਦਿਆਂ 6 ਤੋਂ 12 ਨਵੰਬਰ ਤੱਕ ਵਿਸ਼ੇਸ਼ ਡਰਾਈ ਡੇਅ ਮੁਹਿੰਮ ਚਲਾਈ ਜਾਵੇਗੀ ਅਤੇ ਇਸ ਦੌਰਾਨ ਜ਼ਿਲ੍ਹਾ ਹਸਪਤਾਲਾਂ,



ਸਬ-ਡਵੀਜ਼ਨ ਹਸਪਤਾਲਾਂ, ਕਮਿਊਨਿਟੀ ਵਿੱਚ ਤਾਇਨਾਤ ਸੀਨੀਅਰਜ਼ ਸਿਹਤ ਕੇਂਦਰਾਂ ਅਤੇ ਪ੍ਰਾਇਮਰੀ ਹੈਲਥ ਸੈਂਟਰਾਂ ਨੂੰ ਡੇਂਗੂ ਦੇ ਕੇਸਾਂ ਲਈ ਮੈਡੀਕਲ ਅਫ਼ਸਰਾਂ ਅਤੇ ਮੈਡੀਕਲ ਅਫ਼ਸਰਾਂ ਨੂੰ 24 ਘੰਟੇ ਡਿਊਟੀ 'ਤੇ ਰਹਿਣ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਵਿਸ਼ੇਸ਼ ਡਰਾਈ ਡੇਅ ਮੁਹਿੰਮ ਵਿੱਚ ਨਗਰ ਨਿਗਮ, ਪੇਂਡੂ ਸਿਹਤ ਤੇ ਸੈਨੀਟੇਸ਼ਨ ਕਮੇਟੀ, ਕਮਿਊਨਿਟੀ ਹੈਲਥ ਅਫ਼ਸਰਾਂ, ਆਸ਼ਾ ਵਰਕਰਾਂ ਅਤੇ ਨਰਸਿੰਗ ਵਿਦਿਆਰਥੀਆਂ ਦਾ ਵੀ ਸਹਿਯੋਗ ਲਿਆ ਜਾਵੇਗਾ।ਡਾ: ਸ਼ਰਮਾ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਸਿਹਤ ਵਿਭਾਗ ਦੀ ਟੀਮ ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ 'ਚ ਜਾ ਕੇ ਸਰਵੇਖਣ ਕਰੇਗੀ ਅਤੇ ਇਸ ਦੌਰਾਨ ਉਹ ਵਿਸ਼ੇਸ਼ ਤੌਰ 'ਤੇ ਕੂਲਰਾਂ, ਫਰਿੱਜਾਂ ਦੀਆਂ ਟਰੇਆਂ, ਗਮਲਿਆਂ ਅਤੇ ਮੱਛਰ ਪੈਦਾ ਕਰਨ ਵਾਲੀਆਂ ਥਾਵਾਂ ਦੀ ਜਾਂਚ ਕਰੇਗੀ। ਉਨ੍ਹਾਂ ਕਿਹਾ ਕਿ ਇਸ ਦੌਰਾਨ ਲੋਕਾਂ ਨੂੰ ਡੇਂਗੂ ਦੇ ਲੱਛਣਾਂ ਬਾਰੇ ਜਾਣਕਾਰੀ ਦਿੱਤੀ ਜਾਵੇ ਅਤੇ ਇਸ ਤੋਂ ਬਚਾਅ ਬਾਰੇ ਵੀ ਜਾਗਰੂਕ ਕੀਤਾ ਜਾਵੇ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ: ਜੋਤੀ ਫੋਕੇਲਾ, ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ: ਮਨਦੀਪ ਕੌਰ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ: ਰਾਕੇਸ਼ ਚੋਪੜਾ ਵੀ ਹਾਜ਼ਰ ਸਨ।

# ਜਲੰਧਰ 'ਚ ਕ੍ਰੇਟਾ ਕਾਰ ਨੌਜਵਾਨਾਂ ਦੇ ਕਾਰਨਾਮੇ, ਸਿਰਫ ਮੌਜ-ਮਸਤੀ ਕਰਨ ਲਈ ਮਚਾਇਆ ਹੰਗਾਮਾ

**ਜਲੰਧਰ • ਸੁਨੀਲ ਕੁਮਾਰ**


ਜਲੰਧਰ 'ਚ ਕ੍ਰੇਟਾ ਕਾਰ ਦੇ ਬਦਮਾਸ਼ਾਂ ਵਲੋਂ ਇਕ ਫਾਸਟ ਫੂਡ ਮਾਲਕ ਨੂੰ ਲੁੱਟਣ ਦਾ ਮਾਮਲਾ ਸਾਹਮਣੇ ਆਇਆ ਹੈ।ਦੱਸਿਆ ਜਾ ਰਿਹਾ ਹੈ ਕਿ ਕਾਰ 'ਚ ਸਵਾਰ ਸ਼ਰਾਬੀ ਬਦਮਾਸ਼ਾਂ ਨੇ ਪਹਿਲਾਂ ਗੋਲ-ਗੱਪਾ ਖਾਣ ਦੀ ਮੰਗ ਕੀਤੀ, ਜਿਸ 'ਤੇ ਮਾਲਕ ਨੇ ਜਵਾਬ ਦਿੱਤਾ ਕਿ ਉਹ ਖਤਮ ਹੋ ਗਏ ਹਨ। ਇਸ ਤੋਂ ਬਾਅਦ ਬਦਮਾਸ਼ਾਂ ਨੇ ਦੁਕਾਨ ਮਾਲਕ ਨੂੰ ਗਾਲ੍ਹਾਂ ਕੱਢਣੀਆਂ ਸ਼ੁਰੂ ਕਰ ਦਿੱਤੀਆਂ। ਜਦੋਂ ਉਨ੍ਹਾਂ ਨੇ ਵਿਰੋਧ ਕੀਤਾ ਤਾਂ ਦੁਕਾਨ ਦੀ ਭੰਨਤੋੜ ਕੀਤੀ ਗਈ। ਇਸ ਦੌਰਾਨ ਦੁਕਾਨ ਮਾਲਕ ਦੀ ਕੁੱਟਮਾਰ ਵੀ ਕੀਤੀ ਗਈ। ਦੁਕਾਨ ਮਾਲਕ ਗਗਨ ਵਾਸੀ ਅਮਨ ਵਿਹਾਰ ਨੇ ਦੱਸਿਆ ਕਿ ਉਹ ਅਸ਼ੋਕ ਵਿਹਾਰ ਵਿੱਚ ਵਿਸ਼ਨੂੰ ਫਾਸਟ



ਫੂਡ ਦੇ ਨਾਂ 'ਤੇ ਦੁਕਾਨ ਚਲਾਉਂਦਾ ਹੈ। ਗਗਨ ਨੇ ਦੋਸ਼ ਲਾਇਆ ਕਿ ਹਮਲਾਵਰ ਭੱਜਦੇ ਹੋਏ ਗਲੀ ਵਿੱਚੋਂ 10 ਹਜ਼ਾਰ ਰੁਪਏ ਵੀ ਲੈ ਗਏ। ਦੂਜੇ ਪਾਸੇ ਥਾਣਾ 1 ਦੇ ਇੰਚਾਰਜ ਸੁਖਬੀਰ ਸਿੰਘ ਨੇ ਕਿਹਾ ਕਿ ਜਿਵੇਂ ਹੀ ਉਨ੍ਹਾਂ ਕੋਲ ਸ਼ਿਕਾਇਤ ਆਵੇਗੀ, ਉਹ ਬਣਦੀ ਕਾਰਵਾਈ ਕਰਨਗੇ।

# ਕੈਨੇਡਾ ਦਾ ਵੀਜ਼ਾ ਲਗਵਾ ਕੇ ਪਰਤ ਰਹੇ ਨੌਜਵਾਨ ਨਾਲ ਹਾਦਸਾ

**ਜਲੰਧਰ • ਅਰਸ਼ਦੀਪ**



ਕੈਨੇਡਾ ਦਾ ਵੀਜ਼ਾ ਲਗਵਾ ਕੇ ਅੰਮ੍ਰਿਤਸਰ ਦੇ ਧਾਰਮਿਕ ਸਥਾਨ 'ਤੇ ਮੱਥਾ ਟੇਕ ਕੇ ਵਾਪਸ ਆ ਰਹੇ ਗੁਰਾਇਆ ਦੇ ਨੌਜਵਾਨਾਂ ਦੀ ਕਾਰ ਇਕ ਹੋਰ ਕਾਰ ਨਾਲ ਟਕਰਾ ਕੇ ਪਲਟ ਗਈ। ਇਸ ਹਾਦਸੇ 'ਚ ਕਾਰ 'ਚ ਸਵਾਰ ਦੋਵੇਂ ਨੌਜਵਾਨ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਲੋਕਾਂ ਅਤੇ ਪੁਲਸ ਦੀ ਮਦਦ ਨਾਲ ਹਸਪਤਾਲ ਪਹੁੰਚਾਇਆ ਗਿਆ ਫੋਕਲ ਪੁਆਇੰਟ ਚੌਕੀ ਇੰਚਾਰਜ ਨਰਿੰਦਰ ਮੋਹਨ ਨੇ ਦੱਸਿਆ ਕਿ ਗੁਰਾਇਆ ਦੇ ਦੋਵੇਂ ਨੌਜਵਾਨ ਜਿਵੇਂ ਹੀ ਵੀਜ਼ਾ ਲਗਵਾ ਕੇ ਮੱਥਾ ਟੇਕ ਕੇ ਸੰਜੇ ਗਾਂਧੀ ਨਗਰ ਤੋਂ ਬਾਹਰ ਨਿਕਲੇ ਤਾਂ ਕੁਝ ਦੂਰੀ 'ਤੇ ਜਾ ਕੇ ਉਨ੍ਹਾਂ ਦੀ ਕਾਰ ਕਿਸੇ ਹੋਰ ਵਾਹਨ ਨਾਲ ਟਕਰਾ ਗਈ। ਉਨ੍ਹਾਂ ਦੱਸਿਆ ਕਿ ਦੋਵੇਂ ਨੌਜਵਾਨ ਜ਼ਖ਼ਮੀ ਹੋ ਗਏ ਜਿਨ੍ਹਾਂ ਨੇ ਆਪਣਾ ਇਲਾਜ ਕਰਵਾਇਆ ਅਤੇ ਬਿਨਾਂ ਕੋਈ ਕਾਰਵਾਈ ਕੀਤੇ ਛੱਡ ਦਿੱਤਾ। ਉਨ੍ਹਾਂ ਦੱਸਿਆ ਕਿ ਦੋਵਾਂ ਨੌਜਵਾਨਾਂ ਦੀ ਹਾਲਤ ਖਤਰੇ ਤੋਂ ਬਾਹਰ ਹੈ। ਪੁਲਿਸ ਨੇ ਇਸ ਮਾਮਲੇ ਸਬੰਧੀ ਕੋਈ ਕਾਨੂੰਨੀ ਕਾਰਵਾਈ ਨਹੀਂ ਕੀਤੀ ਹੈ। ਉਧਰ, ਪੁਲੀਸ ਨੇ ਮੌਕੇ 'ਤੇ ਕਰੇਨ ਮੰਗਵਾ ਕੇ ਉਲਟੇ ਵਾਹਨ ਨੂੰ ਸਿੱਧਾ ਕਰਵਾ ਕੇ ਹਾਈਵੇਅ ਦੇ ਕਿਨਾਰੇ ਖੜ੍ਹਾ ਕਰ ਦਿੱਤਾ।

# ਪੰਜਾਬ 'ਚ ਵੱਡੀ ਘਟਨਾ, ਮਾਮੂਲੀ ਗੱਲ ਨੂੰ ਲੈ ਕੇ ਨੌਜਵਾਨ ਦੀ ਗੋਲੀ ਮਾਰ ਕੇ ਹੱਤਿਆ

**ਕਪੂਰਥਲਾ • ਬਿਊਰੋ**

ਕਪੂਰਥਲਾ ਦੇ ਪਿੰਡ ਸਿੱਧਵਾਂ ਦੋਨਾ ਵਿੱਚ ਇੱਕ ਨੌਜਵਾਨ ਦੀ ਗੋਲੀ ਮਾਰ ਕੇ ਹੱਤਿਆ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਦੱਸਿਆ ਜਾ ਰਿਹਾ ਹੈ ਕਿ ਰਾਤ ਸਮੇਂ ਪਿੰਡ ਦੇ ਪਾਰਕ 'ਚ ਕੁਝ ਨੌਜਵਾਨ ਬੈਠੇ ਹੋਏ ਸਨ ਕਿ ਦੂਜੇ ਪਾਸੇ ਤੋਂ ਨੌਜਵਾਨ ਵੀ ਉਥੇ ਪਹੁੰਚ ਗਏ, ਜਿਸ ਦੌਰਾਨ ਕਿਸੇ ਗੱਲ ਨੂੰ ਲੈ ਕੇ ਦੋਵਾਂ ਧਿਰਾਂ 'ਚ ਹਲਕੀ ਬਹਿਸ ਹੋ ਗਈ। ਜਿਸ ਤੋਂ ਬਾਅਦ ਝਗੜਾ ਲੜਾਈ ਵਿਚ ਬਦਲ ਗਿਆ ਅਤੇ ਇਕ ਧਿਰ ਨੇ ਦੂਜੇ 'ਤੇ ਗੋਲੀਆਂ ਚਲਾ ਦਿੱਤੀਆਂ। ਗੋਲੀ ਲੱਗਣ ਕਾਰਨ ਨੌਜਵਾਨ ਵਿਜੇ ਕੁਮਾਰ ਉਰਫ਼ ਚੀਕੂ ਗੰਭੀਰ ਜ਼ਖ਼ਮੀ ਹੋ ਗਿਆ, ਜਿਸ ਨੂੰ ਸਰਕਾਰੀ ਹਸਪਤਾਲ ਕਪੂਰਥਲਾ ਵਿਖੇ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਜਲੰਧਰ ਦੇ ਨਿੱਜੀ ਹਸਪਤਾਲ ਲਈ ਰੈਫ਼ਰ ਕਰ ਦਿੱਤਾ ਗਿਆ ਝ ਜਿੱਥੇ ਦੇਰ ਰਾਤ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਕਪੂਰਥਲਾ ਦੇ ਥਾਣਾ ਸਦਰ ਦੀ ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ।

# 12ਵੀਂ ਜਮਾਤ ਦੇ ਵਿਦਿਆਰਥੀ ਦੀ ਸੜਕ ਵਿਚਕਾਰ ਮੌਤ

**ਜਲੰਧਰ • ਅਰਸ਼ਦੀਪ**

ਜਲੰਧਰ ਜ਼ਿਲੇ ਦੇ ਨੂਰਮਹਿਲ ਦੇ ਪਿੰਡ ਬਡਾਲਾ 'ਚ ਉਸ ਸਮੇਂ ਮਾਹੌਲ ਗਰਮਾ ਗਿਆ ਜਦੋਂ 12ਵੀਂ ਜਮਾਤ ਦੇ ਵਿਦਿਆਰਥੀ ਨੂੰ ਬੱਸ ਨੇ ਟੱਕਰ ਮਾਰ ਦਿੱਤੀ। ਹਾਦਸੇ 'ਚ ਲੜਕੀ ਦੀ ਪਛਾਣ ਕੋਮਲਪ੍ਰੀਤ ਵਜੋਂ ਹੋਈ ਹੈ, ਜਿਸ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਮ੍ਰਿਤਕ ਕੋਮਲ ਦੇ ਪਿਤਾ ਅਨੁਸਾਰ ਕੋਮਲ ਸੋਮਵਾਰ ਸ਼ਾਮ 4 ਵਜੇ ਸਕੂਲ ਤੋਂ ਘਰ ਪਰਤ ਰਹੀ ਸੀ। ਜਦੋਂ ਉਹ ਬੱਸ ਤੋਂ ਉਤਰ ਕੇ ਘਰ ਜਾਣ ਲੱਗੀ ਤਾਂ ਬੱਸ ਹੇਠਾਂ ਆ ਕੇ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਾਦਸੇ ਤੋਂ ਬਾਅਦ ਬੱਸ ਚਾਲਕ ਬੱਸ



ਛੱਡ ਕੇ ਫ਼ਰਾਰ ਹੋ ਗਿਆ। ਫਿਲਹਾਲ ਮੌਕੇ 'ਤੇ ਪਹੁੰਚੀ ਪੁਲਸ ਨੇ ਡਰਾਈਵਰ ਖਿਲਾਫ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

# ਗਦਾਈਪੁਰ:ਕਮਰੇ 'ਚੋਂ ਮਿਲੀਆਂ ਪਤੀ-ਪਤਨੀ ਦੀਆਂ ਲਾਸ਼ਾਂ, ਫੈਲੀ ਸਨਸਨੀ

**ਜਲੰਧਰ • ਅਰਸ਼ਦੀਪ**

ਵੱਡੀ ਖਬਰ ਸਾਹਮਣੇ ਆਈ ਹੈ। ਇੱਥੇ ਗਦਾਈਪੁਰ 'ਚ ਕਿਰਾਏ 'ਤੇ ਰਹਿਣ ਵਾਲੇ ਪਤੀ-ਪਤਨੀ ਨੇ ਜ਼ਹਿਰੀਲੀ ਚੀਜ਼ ਨਿਗਲ ਕੇ ਖੁਦਕੁਸ਼ੀ ਕਰ ਲਈ। ਦੋਹਾਂ ਦੀਆਂ ਲਾਸ਼ਾਂ ਉਨ੍ਹਾਂ ਦੇ ਕਮਰੇ 'ਚੋਂ ਮਿਲੀਆਂ। ਲਾਸ਼ਾਂ ਤਿੰਨ ਤੋਂ ਚਾਰ ਦਿਨ ਪੁਰਾਣੀਆਂ ਹਨ। ਸਵੇਰੇ ਜਦੋਂ ਆਸ-ਪਾਸ ਦੇ ਲੋਕਾਂ ਨੂੰ ਬਦਬੂ ਆਈ ਤਾਂ ਉਨ੍ਹਾਂ ਨੂੰ ਇਸ ਘਟਨਾ ਦਾ ਪਤਾ ਲੱਗਾ। ਇਸ ਘਟਨਾ ਨਾਲ ਇਲਾਕੇ 'ਚ ਸਨਸਨੀ ਫੈਲ ਗਈ। ਮ੍ਰਿਤਕ ਪਤੀ-ਪਤਨੀ ਦੀ ਪਛਾਣ ਪ੍ਰੇਮ ਬਹਾਦਰ ਅਤੇ ਉਸ ਦੀ ਪਤਨੀ ਭਾਵਨਾ ਵਜੋਂ ਹੋਈ ਹੈ। ਦੋਵੇਂ ਮੂਲ ਰੂਪ ਤੋਂ ਨੇਪਾਲ ਦੇ ਰਹਿਣ ਵਾਲੇ ਹਨ। ਥਾਣਾ 8 ਅਤੇ ਫੋਕਲ ਪੁਆਇੰਟ ਚੌਕੀ ਦੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਥਾਣਾ ਇੰਚਾਰਜ ਪ੍ਰਦੀਪ ਸਿੰਘ ਦਾ ਕਹਿਣਾ ਹੈ ਕਿ ਉਥੋਂ ਕੋਈ ਸੁਸਾਈਡ ਨੋਟ ਬਰਾਮਦ ਨਹੀਂ ਹੋਇਆ ਹੈ।

# ਕਾਜ਼ੀ ਮੰਡੀ ਗੋਲੀ ਕਾਂਡ 'ਚ ਪੁਲਿਸ ਦੀ ਕਾਰਵਾਈ, ਮੁੱਖ ਮੁਲਜ਼ਮ ਗ੍ਰਿਫ਼ਤਾਰ

**ਜਲੰਧਰ • ਸੁਨੀਲ ਕੁਮਾਰ**

ਮਹਾਨਗਰ ਦੇ ਕਾਜ਼ੀ ਮੰਡੀ ਇਲਾਕੇ 'ਚ ਹੋਈ ਗੋਲੀਬਾਰੀ ਦੇ ਮਾਮਲੇ 'ਚ ਰਾਮਾਮੰਡੀ ਥਾਣਾ ਪੁਲਸ ਨੂੰ ਵੱਡੀ ਸਫਲਤਾ ਮਿਲੀ ਹੈ। ਦੱਸਿਆ ਜਾ ਰਿਹਾ ਹੈ ਕਿ ਪੁਲਸ ਨੇ ਗੋਲੀਬਾਰੀ ਦੇ ਮੁੱਖ ਦੋਸ਼ੀ ਦਮਨ ਕਲਿਆਣ ਨੂੰ ਗ੍ਰਿਫਤਾਰ ਕਰ ਲਿਆ ਹੈ। ਦੱਸ ਦਈਏ ਕਿ ਹਾਲ ਹੀ 'ਚ ਜਲੰਧਰ ਦੇ ਡੋਮੋਰੀਆ ਪੁਲ ਨੇੜੇ ਕਾਜੀ ਮੰਡੀ ਇਲਾਕੇ 'ਚ ਦਮਨ ਕਲਿਆਣ ਵਲੋਂ ਗੋਲੀਬਾਰੀ ਦੀ ਘਟਨਾ ਸਾਹਮਣੇ ਆਈ ਸੀ,



ਜਿਸ ਤੋਂ ਬਾਅਦ ਪੁਲਸ ਨੇ ਦਮਨ ਕਲਿਆਣ ਖਿਲਾਫ ਐੱਫ.ਆਈ.ਆਰ. ਦਰਜ ਕਰਵਾਈ ਸੀ। ਹੁਣ ਦਮਨ ਕਲਿਆਣ ਵਾਸੀ ਕਿਸ਼ਨਪੁਰਾ ਨੂੰ ਗ੍ਰਿਫ਼ਤਾਰ ਕਰਕੇ ਮਾਮਲਾ ਦਰਜ ਕਰ ਲਿਆ ਗਿਆ ਹੈ। ਬਾਕੀ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਪੁਲੀਸ ਵੱਲੋਂ ਛਾਪੇ ਮਾਰੇ ਜਾ ਰਹੇ ਹਨ। ਪੁਲਿਸ ਨੇ ਦੋਸ਼ੀ ਨੂੰ ਮਾਨਯੋਗ ਅਦਾਲਤ 'ਚ ਪੇਸ਼ ਕਰਕੇ 2 ਦਿਨ ਦਾ ਰਿਮਾਂਡ ਹਾਸਲ ਕਰ ਲਿਆ ਹੈ ਅਤੇ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ।

# ਨਗਰ-ਨਿਗਮ ਨਾਲ ਲੋਕਸਭਾ ਚੋਣਾਂ ਦੀ ਮੁਕੰਮਲ ਤਿਆਰੀ, ਡੀਸੀ ਨੇ ਅਧਿਕਾਰੀਆਂ ਨੂੰ ਦਿੱਤੇ ਇਹ ਹੁਕਮ

**ਜਲੰਧਰ • ਸੁਨੀਲ ਕੁਮਾਰ**

ਲੋਕ ਸਭਾ ਚੋਣਾਂ ਦੀਆਂ ਤਿਆਰੀਆਂ ਸ਼ੁਰੂ ਹੋ ਗਈਆਂ ਹਨ। ਵੋਟਰ ਸੂਚੀ ਤਿਆਰ ਕਰਨ ਲਈ ਜਲੰਧਰ ਦੇ ਡੀ.ਸੀ.ਵਿਸ਼ੇਸ਼ ਸਾਰੰਗਲ ਨੇ ਸਾਰੇ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਉਣ ਦੇ ਹੁਕਮ ਦਿੱਤੇ ਹਨ। ਲੋਕ ਸਭਾ ਚੋਣਾਂ: ਨਗਰ ਨਿਗਮ ਚੋਣਾਂ ਦੇ ਨਾਲ-ਨਾਲ ਲੋਕ ਸਭਾ ਚੋਣਾਂ ਲਈ ਅੰਤਿਮ ਵੋਟਰ ਸੂਚੀ ਜਾਰੀ ਕਰਨ ਦੀ ਕਵਾਇਦ ਸ਼ੁਰੂ ਹੋ ਗਈ ਹੈ।

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਕਮਿਸ਼ਨ ਯੋਗਤਾ ਮਿਤੀ 01.01.2024 ਦੇ ਆਧਾਰ 'ਤੇ ਵੋਟਰ ਸੂਚੀ ਦੀ ਵਿਸ਼ੇਸ਼ ਸੁਧਾਈ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਡੀਸੀ ਵਿਸ਼ੇਸ਼ ਸਾਰੰਗਲ ਅਨੁਸਾਰ ਵੋਟਰ ਸੂਚੀ ਵਿੱਚ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਲਈ ਜ਼ਿਲ੍ਹੇ



ਦੇ ਸਾਰੇ ਪੋਲਿੰਗ ਬੂਥਾਂ 'ਤੇ ਬੂਥ ਲੈਵਲ ਅਧਿਕਾਰੀਆਂ ਵੱਲੋਂ 4 ਅਤੇ 5 ਨਵੰਬਰ ਅਤੇ 2 ਅਤੇ 3 ਦਸੰਬਰ ਨੂੰ ਵਿਸ਼ੇਸ਼ ਕੈਂਪ ਲਗਾਏ ਜਾਣਗੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵੋਟਰ ਸੂਚੀ 27 ਅਕਤੂਬਰ ਨੂੰ ਪ੍ਰਕਾਸ਼ਿਤ ਕਰ ਦਿੱਤੀ ਗਈ ਹੈ, ਜਿਸ 'ਤੇ 9 ਦਸੰਬਰ 2023 ਤੱਕ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ।

# 'ਆਪ' ਦੀ ਨਜ਼ਰ 5 ਰਾਜਾਂ ਦੇ ਵਿਧਾਨ ਸਭਾ ਚੋਣ ਨਤੀਜਿਆਂ 'ਤੇ, ਪੜ੍ਹੋ ਪੂਰੀ ਖ਼ਬਰ




**ਜਲੰਧਰ • ਅਰਸ਼ਦੀਪ**

5 ਸੂਬਿਆਂ 'ਚ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ 'ਚ ਭਾਵੇਂ ਆਮ ਆਦਮੀ ਪਾਰਟੀ ਨੇ ਕੁਝ ਸੀਟਾਂ 'ਤੇ ਆਪਣੇ ਉਮੀਦਵਾਰ ਖੜ੍ਹੇ ਕੀਤੇ ਹਨ ਪਰ ਇਸ ਦੀਆਂ ਨਜ਼ਰਾਂ ਇਨ੍ਹਾਂ ਚੋਣਾਂ 'ਚ ਆਮ ਆਦਮੀ ਪਾਰਟੀ ਨੂੰ ਮਿਲਣ ਵਾਲੀਆਂ ਵੋਟਾਂ ਦੀ ਪ੍ਰਤੀਸ਼ਤਤਾ 'ਤੇ ਟਿਕੀਆਂ ਹੋਈਆਂ ਹਨ। ਆਮ ਆਦਮੀ ਪਾਰਟੀ ਜਾਣਦੀ ਹੈ ਕਿ ਭਾਵੇਂ ਉਹ ਦੂਜੇ ਰਾਜਾਂ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਬਹੁਤੀ ਸਫ਼ਲਤਾ ਹਾਸਲ ਨਾ ਕਰ ਸਕੇ ਪਰ ਉਸ ਨੂੰ ਮਿਲਣ ਵਾਲਾ ਵੋਟ ਪ੍ਰਤੀਸ਼ਤ ਕਿਸੇ ਵੀ ਉਮੀਦਵਾਰ ਦੀ ਜਿੱਤ ਜਾਂ ਹਾਰ ਵਿੱਚ ਅਹਿਮ ਭੂਮਿਕਾ ਨਿਭਾ ਸਕਦਾ ਹੈ।ਗੁਜਰਾਤ ਵਿਧਾਨ ਸਭਾ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਨੇ ਬਹੁਤ ਜ਼ਿਆਦਾ ਵੋਟਾਂ ਹਾਸਲ ਕੀਤੀਆਂ, ਜਿਸ ਦਾ ਸਿੱਧਾ ਅਸਰ ਕਾਂਗਰਸ ਦੇ ਜਿੱਤਣ ਦੀਆਂ ਸੰਭਾਵਨਾਵਾਂ 'ਤੇ ਪਿਆ। 'ਆਪ' ਦੇ ਉਮੀਦਵਾਰ ਮੈਦਾਨ ਵਿੱਚ ਹੋਣ ਕਾਰਨ ਵੋਟ ਪ੍ਰਤੀਸ਼ਤ ਵੰਡੀ ਗਈ ਅਤੇ ਇਸ ਦਾ ਫਾਇਦਾ ਭਾਜਪਾ ਨੂੰ ਮਿਲਿਆ। ਹੁਣ ਦੇਖਣਾ ਇਹ ਹੈ ਕਿ ਆਮ ਆਦਮੀ ਪਾਰਟੀ ਕਾਰਨ ਕਿਸ ਪਾਰਟੀ ਨੂੰ ਫਾਇਦਾ ਹੁੰਦਾ ਹੈ ਕਿਉਂਕਿ ਗੁਜਰਾਤ 'ਚ ਭਾਜਪਾ ਸੱਤਾ 'ਚ ਸੀ ਪਰ ਹੁਣ ਮੱਧ ਪ੍ਰਦੇਸ਼ 'ਚ ਭਾਜਪਾ ਸੱਤਾ 'ਚ ਹੈ ਅਤੇ ਰਾਜਸਥਾਨ ਅਤੇ ਛੱਤੀਸਗੜ੍ਹ 'ਚ ਕਾਂਗਰਸ ਸੱਤਾ 'ਚ ਹੈ, ਇਨ੍ਹਾਂ ਵਿਧਾਨ ਸਭਾ ਚੋਣਾਂ 'ਚ ਹਾਲਾਤ ਵੱਖਰੇ ਹਨ।'ਆਪ' ਦੇ ਕੌਮੀ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵਿਧਾਨ ਸਭਾ ਚੋਣਾਂ ਲਈ ਪ੍ਰਚਾਰ ਕੀਤਾ ਹੈ। ਆਪ ਪਾਰਟੀ ਦੇ ਆਗੂ ਇਹ ਵੀ ਕਹਿ ਰਹੇ ਹਨ ਕਿ ਇਨ੍ਹਾਂ ਚੋਣਾਂ ਦੇ ਨਤੀਜੇ ਲੋਕ ਸਭਾ ਚੋਣਾਂ ਲਈ ਆਮ ਆਦਮੀ ਪਾਰਟੀ ਦੀ ਰਣਨੀਤੀ ਤੈਅ ਕਰਨਗੇ। ਜੇਕਰ ਇਨ੍ਹਾਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਕਾਰਗੁਜ਼ਾਰੀ ਬਿਹਤਰ ਰਹੀ ਤਾਂ ਉਹ ਲੋਕ ਸਭਾ ਚੋਣਾਂ ਵਿੱਚ ਚੋਣ ਤਾਲਮੇਲ ਕਾਇਮ ਕਰਨ ਲਈ ਕਾਂਗਰਸ 'ਤੇ ਦਬਾਅ ਬਣਾਉਣ ਵਿੱਚ ਕਾਮਯਾਬ ਰਹੇਗੀ। 'ਆਪ' ਨੂੰ ਮਿਲਣ ਵਾਲੀ ਵੋਟ ਪ੍ਰਤੀਸ਼ਤ ਇਨ੍ਹਾਂ ਚੋਣਾਂ ਵਿਚ ਬਹੁਤ ਮਦਦਗਾਰ ਹੋਵੇਗੀ ਅਤੇ ਇਸ ਦੀ ਸੀਟ ਮਜ਼ਬੂਤੀ ਦੀ ਤਾਕਤ ਵੀ ਵਧੇਗੀ।'ਆਪ' ਆਗੂ ਇਹ ਵੀ ਮੰਨ ਰਹੇ ਹਨ ਕਿ ਜੇਕਰ ਇਨ੍ਹਾਂ ਚੋਣ ਨਤੀਜਿਆਂ 'ਚ ਕਾਂਗਰਸ ਅਤੇ ਭਾਜਪਾ ਵਿਚਾਲੇ ਬਰਾਬਰੀ ਦਾ ਮੁਕਾਬਲਾ ਹੁੰਦਾ ਹੈ ਤਾਂ ਵੀ ਆਮ ਆਦਮੀ ਪਾਰਟੀ ਸੀਟਾਂ ਦੇ ਤਾਲਮੇਲ 'ਚ ਆਪਣਾ ਪ੍ਰਭਾਵ ਬਣਾਉਣ 'ਚ ਸਫਲ ਰਹੇਗੀ।

# ਜਲੰਧਰ ਪੁਲਿਸ ਨੂੰ ਮਿਲੀ ਵੱਡੀ ਸਫਲਤਾ ਕ੍ਰਿਕਟ ਮੈਚਾਂ 'ਤੇ ਸੱਟੇਬਾਜ਼ਾਂ ਖਿਲਾਫ ਕੀਤੀ ਕਾਰਵਾਈ, ਗ੍ਰਿਫ਼ਤਾਰ

**ਜਲੰਧਰ • ਸੁਨੀਲ ਕੁਮਾਰ**

ਜਲੰਧਰ ਪੁਲਸ ਨੇ ਕ੍ਰਿਕਟ ਮੈਚਾਂ 'ਤੇ ਸੱਟਾ ਲਗਾਉਣ ਵਾਲੇ ਇਕ ਹੋਰ ਸੱਟੇਬਾਜ਼ ਨੂੰ ਗ੍ਰਿਫਤਾਰ ਕੀਤਾ ਹੈ। ਦੱਸਿਆ ਜਾ ਰਿਹਾ ਹੈ ਕਿ ਉਕਤ ਸੱਟੇਬਾਜ਼ ਲੰਬੇ ਸਮੇਂ ਤੋਂ ਸੱਟੇਬਾਜ਼ੀ ਦਾ ਧੰਦਾ ਕਰ ਰਹੇ ਸਨ ਅਤੇ ਲੱਖਾਂ ਦੀ ਜਾਇਦਾਦ ਬਣਾ ਚੁੱਕੇ



ਹਨ। ਪੁਲਿਸ ਨੇ ਜਲੰਧਰ ਦੇ ਬਸਤੀ ਇਲਾਕੇ ਦੇ ਰਹਿਣ ਵਾਲੇ ਕੇ. ਨਾਂ ਦੇ ਨੌਜਵਾਨ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।

ਦੱਸ ਦੇਈਏ ਕਿ ਬੀਤੇ ਦਿਨ ਵੀ ਪੁਲਿਸ ਨੇ ਇੱਕ ਸੱਟੇਬਾਜ਼ ਅੰਕੁਸ਼ ਨੂੰ ਕਾਬੂ ਕੀਤਾ ਸੀ, ਜਿਸ ਤੋਂ ਪੁੱਛਗਿੱਛ ਕਰਨ ਤੋਂ ਬਾਅਦ ਅੱਜ ਪੁਲਿਸ ਨੇ ਇੱਕ ਹੋਰ ਨੌਜਵਾਨ ਨੂੰ ਗ੍ਰਿਫ਼ਤਾਰ ਕੀਤਾ ਹੈ। ਅੰਕੁਸ਼ ਤੋਂ ਪੁੱਛਗਿੱਛ ਦੌਰਾਨ ਰਾਮਾ ਮੰਡੀ ਪੁਲਸ ਨੂੰ ਪਤਾ ਲੱਗਾ ਕਿ ਬਸਤੀ ਸ਼ੇਖ ਇਲਾਕੇ ਦੇ ਉਸ ਦੇ ਨਾਲ ਰਹਿਣ ਵਾਲੇ ਸੱਟੇਬਾਜ਼ ਸੱਟੇ ਦਾ ਧੰਦਾ ਕਰਦੇ ਹਨ, ਜਿਸ 'ਤੇ ਪੁਲਸ ਨੇ ਉਕਤ ਸੱਟੇਬਾਜ਼ਾਂ ਨੂੰ ਕਾਬੂ ਕੀਤਾ।

# ਜਲੰਧਰ 'ਚ ਚੱਲੀਆਂ ਗੋਲੀਆਂ, ਪੂਰਾ ਇਲਾਕਾ ਦਹਿਸ਼ਤ 'ਚ

**ਜਲੰਧਰ • ਸੁਨੀਲ ਕੁਮਾਰ**

ਜ਼ਿਲੇ ਦੇ ਫਿਲੌਰ ਨੇੜੇ ਪਿੰਡ ਨਗਰ 'ਚ ਮਨੀ ਚੇਂਜਰ ਦੀ ਦੁਕਾਨ 'ਚ ਗੋਲੀਬਾਰੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਘਟਨਾ ਤੋਂ ਬਾਅਦ ਪੂਰੇ ਇਲਾਕੇ 'ਚ ਦਹਿਸ਼ਤ ਦਾ ਮਾਹੌਲ ਹੈ। ਜਾਣਕਾਰੀ ਮੁਤਾਬਕ ਦੁਕਾਨ 'ਚ ਲੁੱਟ ਦੀ ਨੀਅਤ ਨਾਲ ਦਾਖਲ ਹੋਏ ਦੋ ਬਾਈਕ ਸਵਾਰ ਲੁਟੇਰਿਆਂ ਨੇ ਪਿਸਤੌਲ ਨਾਲ ਹਮਲਾ ਕਰ ਦਿੱਤਾ।

ਇਸ ਦੌਰਾਨ ਲੁਟੇਰਿਆਂ ਨੇ ਦੁਕਾਨਦਾਰ 'ਤੇ ਗੋਲੀਆਂ ਚਲਾ ਦਿੱਤੀਆਂ, ਜਿਸ ਦੇ ਜਵਾਬ 'ਚ ਦੁਕਾਨਦਾਰ ਨੇ ਵੀ ਗੋਲੀ ਚਲਾ ਦਿੱਤੀ। ਲੁਟੇਰੇ ਬਿਨਾਂ ਕੋਈ ਵਾਰਦਾਤ ਕੀਤੇ ਉਥੋਂ ਫਰਾਰ ਹੋ ਗਏ।

# ਪਿੰਡ ਜੌਹਲਾਂ ਵਿਖੇ 7,8,9 ਨਵੰਬਰ ਨੂੰ ਕਰਵਾਇਆ ਜਾ ਰਿਹਾ ਸਾਲਾਨਾ ਗੁਰਮਤਿ ਸਮਾਗਮ



**ਜਲੰਧਰ • ਸੁਨੀਲ ਕੁਮਾਰ**

ਜਲੰਧਰ ਦੇ ਪਿੰਡ ਜੌਹਲਾਂ (ਤਪ ਸਥਾਨ ਨਿਰਮਲ ਕੁਟੀਆ ਜਲੰਧਰ) ਵਿਖੇ 7,8,9 ਨਵੰਬਰ ਨੂੰ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਮਹਾਨ ਢਾਡੀ,ਰਾਗੀ ਅਤੇ ਮਹਾਂਪੁਰਸ਼ ਸੰਗਤਾਂ ਨੂੰ ਦਰਸ਼ਨ ਦੇਣਗੇ ਅਤੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਤੇ ਗੁਰੂ ਦਾ ਅਟੁੱਟ ਲੰਗਰ ਵੀ ਵਰਤਾਇਆ ਜਾਵੇਗਾ। ਸਭ ਸੰਗਤਾਂ ਨੂੰ ਬੇਨਤੀ ਹੈ ਕਿ ਸਮੇਂ ਸਿਰ ਪਹੁੰਚ ਕੇ ਕੀਰਤਨ ਦਰਬਾਰ ਵਿੱਚ ਸ਼ਾਮਿਲ ਹੋ ਕੇ ਗੁਰੂ ਚਰਨਾਂ ਵਿੱਚ ਹਾਜ਼ਰੀ ਲਵਾਓ ਜੀ।



















# ਪਰਾਲੀ ਸਾਂਭਣ ਵਾਲੀਆਂ ਮਸ਼ੀਨਾਂ ’ਤੇ ਆਪ ਤੇ ਕਾਂਗਰਸ ਦੀ ਫਸ ਗਈ ਗਰਾਰੀ, ਕੌਣ ਬੋਲ ਰਿਹਾ ਝੂਠ ਤੇ ਕੌਣ ਹੈ ਸੱਚਾ ?

ਜਲੰਧਰ/ਸੁਨੀਲ ਕੁਮਾਰ




ਪਰਾਲੀ ਸਾਂਭਣ ਨੂੰ ਲੈ ਕੇ ਸਰਕਾਰ ਵੱਲੋਂ ਕਿਸਾਨਾਂ ਨੂੰ ਸਬਸਿਡੀ ’ਤੇ ਦਿੱਤੀਆਂ ਜਾਂਦੀਆਂ ਮਸ਼ੀਨਾਂ ’ਤੇ ਹੁਣ ਆਮ ਆਦਮੀ ਪਾਰਟੀ ਤੇ ਕਾਂਗਰਸ ਦੀ ਗਰਾਰੀ ਫਸ ਗਈ ਹੈ। ਆਪ ਦੇ ਬੁਲਾਰੇ ਮਾਲਵਿੰਦ ਸਿੰਘ ਕੰਗ ਨੇ ਕਿਹਾ ਕਿ ਮਾਨ ਸਰਕਾਰ ਨੇ ਪੰਜਾਬ ਦੇ ਕਿਸਾਨਾਂ ਨੂੰ 1.40 ਲੱਖ ਮਸ਼ੀਨਾਂ ਸਬਸਿਡੀ ’ਤੇ ਦਿੱਤੀਆਂ ਹਨ।

ਜਿਸ ਦਾ ਵਿਰੋਧ ਕਰਦੇ ਹੋਏ ਜਲੰਧਰ ਕੈਂਟ ਤੋਂ ਕਾਂਗਰਸ ਦੇ ਵਿਧਾਇਕ ਪਰਗਟ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਜਿਹੜਾ ਅੰਕੜਾ ਜਾਰੀ ਕਰ ਰਹੀ ਹੈ ਇਹ ਪਿਛਲੇ 6 ਸਾਲ ਦਾ ਹੈ। ਪਿਛਲੀ ਸਰਕਾਰ ਵੱਲੋਂ ਜਾਰੀ ਕੀਤੀਆਂ ਮਸ਼ੀਨਾਂ ਦੀ ਗਿਣਤੀ ਵੀ ਮਾਨ ਸਰਕਾਰ ਆਪਣੇ ਕਾਜਕਾਲ ਵਿੱਚ ਜੋੜ ਰਹੀ ਹੈ।

ਦਰਅਸਲ ਪਰਾਲੀ ਨੂੰ ਲੈ ਕੇ ਸੁਪਰੀਮ ਕੋਰਟ ਨੇ ਵੱਖ ਵੱਖ ਰਾਜਾਂ ਸਮੇਤ ਪੰਜਾਬ ਸਰਕਾਰ ਨੂੰ ਝਾੜ ਪਾਈ ਸੀ। ਜਿਸ ਤੋਂ ਬਾਅਦ ਆਪ ਦੇ ਬੁਲਾਰੇ ਮਾਲਵਿੰਦਰ ਸਿੰਘ ਕੰਗ ਨੇ ਟਵੀਟ ਕੀਤਾ ਕਿ - ਪਰਾਲ਼ੀ ਨੂੰ ਅੱਗ ਲਗਾਉਣਾ ਕਿਸਾਨਾਂ ਦੀ ਮਜ਼ਬੂਰੀ ਹੈ, ਅੱਜ ਮਾਣਯੋਗ ਸੁਪਰੀਮ ਵੱਲੋਂ ਕੀਤੀ ਗਈ ਟਿੱਪਣੀ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਪ੍ਰਦੂਸ਼ਣ ਲਈ ਪੰਜਾਬ ਇਕੱਲਾ ਜਿੰਮੇਵਾਰ ਨਹੀਂ।

ਮਾਨ ਸਰਕਾਰ ਵੱਲੋਂ ਪਰਾਲ਼ੀ ਸਾਂਭਣ ਲਈ 1.40 ਲੱਖ ਮਸ਼ੀਨਾਂ ਸਬਸਿਡੀ ‘ਤੇ ਕਿਸਾਨਾਂ ਨੂੰ ਦਿੱਤੀਆਂ ਗਈਆਂ ਹਨ। ਪਿਛਲੇ ਸਾਲ ਹੀ ਅੱਗ ਲਗਾਉਣ ਦੀਆਂ ਘਟਨਾਵਾਂ ‘ਚ 30% ਦੀ ਕਮੀ ਆਈ ਸੀ। ਇਸ ਟਵੀਟ ਤੋਂ ਬਾਅਦ ਕਾਂਗਰਸੀ ਵਿਧਾਇਕ ਪਰਗਟ ਸਿੰਘ ਨੇ ਵੀ ਟਵੀਟ ਕਰਕੇ ਕਿਹਾ ਕਿ - ਮਾਲਵਿੰਦਰ ਕੰਗ ਜੀ, ਮਾਨ ਸਰਕਾਰ ਨੇ 1.40 ਲੱਖ ਮਸ਼ੀਨਾਂ ਸਬਸਿਡੀ ’ਤੇ ਕਿਸਾਨਾਂ ਨੂੰ ਨਹੀਂ ਦਿੱਤੀਆਂ, ਪਿਛਲੇ 6 ਸਾਲ ਵਿੱਚ ਪੰਜਾਬ ਸਰਕਾਰ ਨੇ 1.40 ਲੱਖ ਮਸ਼ੀਨਾਂ ਦਿੱਤੀਆਂ। ਮਸ਼ੀਨਾਂ ਦਾ ਇਹ ਅੰਕੜਾ 6 ਸਾਲ ਦਾ ਹੈ।

ਅਸੀਂ ਇਸ ਮਸਲੇ ਤੇ ਰਾਜਨੀਤੀ ਨਹੀਂ ਕਰਨਾ ਚਾਹੁੰਦੇ ਪਰ ਤੁਹਾਨੂੰ ਦਰੁਸਤ ਕਰਨਾ ਚਾਹੁੰਦੇ ਹਾਂ ਕਿ ਪਰਾਲੀ ਦਾ ਹੱਲ ਕਿਸਾਨਾਂ ਨੂੰ ਜਾਗਰੂਕ ਕਰਨ ਵਿੱਚ ਨਹੀਂ, ਕਿਸਾਨ ਪਹਿਲਾਂ ਹੀ ਜਾਗਰੂਕ ਹਨ। ਸਵਾਲ ਹੈ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਪਰਾਲੀ ਦੇ ਹੱਲ ਲਈ ?2500/ਏਕੜ ਮੁਆਵਜ਼ੇ ਦੀ ਗੱਲ ਕਰਦੀ ਸੀ ਤੇ ਹੁਣ ਤੁਸੀਂ ਉਸ ਤੋਂ ਭੱਜ ਰਹੇ ਹੋ। ਕਿਸਾਨ ਹਰ ਸਾਲ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਵਿੱਚ ਕਮੀ ਲਿਆ ਰਹੇ ਹਨ। ਕਿਸਾਨਾਂ ਨੂੰ ਹੋਰ ਸਹੂਲਤਾਂ ਦੀ ਜ਼ਰੂਰਤ ਹੈ ਪਰ ਤੁਸੀਂ ਕਿਸਾਨਾਂ ਤੇ ਪਰਚੇ ਦਰਜ ਕਰ ਰਹੇ ਹੋ।

# ਪੰਜਾਬ ’ਚ ਪੰਜਾਬੀ ਬੋਲਣ ’ਤੇ ਮਾਮਲਾ ਮੁੜ ਗਰਮਾਇਆ ਲੱਖਾ ਸਿਧਾਣਾ ਨੂੰ ਹਿਰਾਸਤ ’ਚ ਲੈਣ ਮਗਰੋਂ ਛਿੜੀ ਚਰਚਾ

ਚੰਡੀਗੜ੍ਹ • ਬਿਊਰੋ

ਪੰਜਾਬ ਦੇ ਪ੍ਰਾਈਵੇਟ ਸਕੂਲਾਂ ਵਿੱਚ ਮਾਤ ਭਾਸ਼ਾ ਪੰਜਾਬੀ ਨੂੰ ਅੱਖੋਂ ਓਹਲੇ ਕਰਨ ਦਾ ਮਾਮਲਾ ਮੁੜ ਗਰਮਾ ਗਿਆ ਹੈ। ਸਮਾਜ ਸੇਵੀ ਲੱਖਾ ਸਿਧਾਣਾ ਤੇ ਉਸ ਦੇ ਸਾਥੀਆਂ ਨੂੰ ਹਿਰਾਸਤ ਵਿੱਚ ਲੈਣ ਮਗਰੋਂ ਚਰਚਾ ਛਿੜੀ ਹੈ ਕਿ ਪੰਜਾਬ ਸਰਕਾਰ ਪੰਜਾਬੀ ਭਾਸ਼ਾ ਨੂੰ ਬਣਦਾ ਮਾਣ ਨਾ ਦੇਣ ਵਾਲੇ ਪ੍ਰਾਈਵੇਟ ਸਕੂਲਾਂ ਖਿਲਾਫ ਕਾਰਵਾਈ ਕਿਉਂ ਨਹੀਂ ਕਰ ਰਹੀ। ਪੰਜਾਬ ਦੇ ਬਹੁਤ ਸਾਰੇ ਸਕੂਲਾਂ ਵਿੱਚ ਬੱਚਿਆਂ ਨੂੰ ਪੰਜਾਬੀ ਨਹੀਂ ਬੋਲਣ ਦਿੱਤੀ ਜਾਂਦੀ। ਅਜਿਹੇ ਕਈ ਮਾਮਲੇ ਸਾਹਮਣੇ ਆਏ ਹਨ। ਅਜਿਹਾ ਹੀ ਮਾਮਲਾ ਰਾਮਪੁਰਾ ਫੂਲ ਮੰਡੀ ਦੇ ਸਰਵ ਹਿੱਤਕਾਰੀ ਸਕੂਲ ਵਿੱਚ ਸਾਹਮਣੇ ਆਇਆ।

ਇੱਥੇ ਮਾਮਲਾ ਉਸ ਵੇਲੇ ਗਰਮਾ ਗਿਆ ਜਦੋਂ ਪੁਲਿਸ ਨੇ ਪੰਜਾਬੀ ਮਾਂ ਬੋਲੀ ਸਤਿਕਾਰ ਕਮੇਟੀ ਦੇ ਕਨਵੀਨਰ ਲਖਵੀਰ ਸਿੰਘ ਲੱਖਾ ਸਿਧਾਣਾ ਤੇ ਉਸ ਦੇ ਸਮਰਥਕਾਂ ਨੂੰ ਸਕੂਲ ਮੂਹਰੇ ਧਰਨੇ ਦੌਰਾਨ ਹਿਰਾਸਤ ਵਿੱਚ ਲੈ ਲਿਆ। ਲੱਖਾ ਸਿਧਾਣਾ ਨੂੰ ਥਾਣਾ ਨੰਦਗੜ੍ਹ ਵਿੱਚ ਰੱਖਿਆ ਗਿਆ ਤੇ ਬਾਅਦ ਵਿੱਚ ਰਿਹਾਅ ਕਰ ਦਿੱਤਾ ਗਿਆ।



ਦਰਅਸਲ ਮੰਗਲਵਾਰ ਨੂੰ ਲੱਖਾ ਸਿਧਾਣਾ ਤੇ ਪਰਮਿੰਦਰ ਸਿੰਘ ਝੋਟਾ ਨੇ ਆਪਣੇ ਸਮਰਥਕਾਂ ਸਣੇ ਸਰਵ ਹਿੱਤਕਾਰੀ ਸਕੂਲ ਵਿੱਚ ਜਾ ਕੇ ਪ੍ਰਿੰਸੀਪਲ ਦਾ ਘਿਰਾਓ ਕੀਤਾ ਸੀ। ਲੱਖਾ ਸਿਧਾਣਾ ਨੇ ਦੋਸ਼ ਲਾਇਆ ਸੀ ਕਿ ਸਕੂਲ ਵਿੱਚ ਬੱਚਿਆਂ ਨੂੰ ਪੰਜਾਬੀ ਨਹੀਂ ਪੜ੍ਹਾਈ ਜਾ ਰਹੀ ਤੇ ਪੰਜਾਬੀ ਬੋਲਣ ਵਾਲੇ ਬੱਚਿਆਂ ਨੂੰ ਜੁਰਮਾਨਾ ਲਾਇਆ ਜਾ ਰਿਹਾ ਹੈ। ਉਸ ਨੇ ਦਾਆਵਾ ਕੀਤਾ ਸੀ ਕਿ ਸਕੂਲ ਆਰਐਸਐਸ ਦੀ ਵਿਚਾਰਧਾਰਾ ਅਨੁਸਾਰ ਚਲਾਇਆ ਜਾ ਰਿਹਾ ਹੈ ਜਿਸ ਦੀ ਗਵਾਹੀ ਦਫ਼ਤਰ ਅੰਦਰ ਆਰਐਸਐਸ ਆਗੂਆਂ ਦੀਆਂ ਤਸਵੀਰਾਂ ਭਰਦੀਆਂ ਹਨ।

ਇਸ ਲਈ ਸਕੂਲ ਪ੍ਰਬੰਧਕਾਂ ਖ਼ਿਲਾਫ਼ ਲੱਖਾ ਸਿਧਾਣਾ ਨੇ ਆਪਣੇ ਸਮਰਥਕਾਂ ਨਾਲ ਸਕੂਲ ਅੱਗੇ ਧਰਨਾ ਲਾ ਦਿੱਤਾ।

ਇਸ ਦੌਰਾਨ ਧਰਨੇ ਵਾਲੀ ਥਾਂ ’ਤੇ ਪੁੱਜੇ ਰਾਮਪੁਰਾ ਫੂਲ ਸਬ-ਡਿਵੀਜ਼ਨ ਦੇ ਡੀਐਸਪੀ ਮੋਹਿਤ ਅਗਰਵਾਲ ਨੇ ਲੱਖਾ ਸਿਧਾਣਾ ਨੂੰ ਇਸ ਮਾਮਲੇ ’ਚ ਦਖ਼ਲ ਦੇਣ ਤੋਂ ਰੋਕਿਆ ਪਰ ਲੱਖਾ ਸਿਧਾਣਾ ਵੱਲੋਂ ਪੰਜਾਬੀ ਮਾਂ ਬੋਲੀ ਦਾ ਪੱਖ ਪੂਰਦਿਆਂ ਪੁਲਿਸ ਅਧਿਕਾਰੀ ਨਾਲ ਬਹਿਸ ਵੀ ਕੀਤੀ ਗਈ। ਮਾਮਲਾ ਭਖਦਾ ਦੇਖ ਪੁਲਿਸ ਨੇ ਲੱਖਾ ਸਿਧਾਣਾ ਤੇ ਉਸ ਦੇ ਸਮਰਥਕਾਂ ਨੂੰ ਹਿਰਾਸਤ ਵਿਚ ਲੈ ਲਿਆ।

# ਪੱਟੀ ਤੋਂ ਦਿਲ ਦਹਿਲਾਉਣ ਵਾਲੀ ਖਬਰ ! ਪਰਿਵਾਰ ਦੇ ਤਿੰਨ ਜੀਆਂ ਦਾ ਕਤਲ

ਪੱਟੀ/ਬਿਊਰੋ




ਪੱਟੀ ਤੋਂ ਪਰਿਵਾਰ ਦੇ ਤਿੰਨ ਜੀਆਂ ਦੇ ਕਤਲ ਦੀ ਖਬਰ ਆਈ ਹੈ। ਪਰਿਵਾਰ ਦੀਆਂ ਦੋ ਔਰਤਾਂ ਤੇ ਇੱਕ ਬੰਦੇ ਦਾ ਕਤਲ ਹੋਇਆ ਹੈ। ਪਰਿਵਾਰ ਦੇ ਬੱਚੇ ਵਿਦੇਸ਼ ਰਹਿੰਦੇ ਹਨ। ਪੁਲਿਸ ਨੂੰ ਇਹ ਲੁੱਟ ਦੀ ਘਟਨਾ ਜਾਪ ਰਹੀ ਹੈ। ਇਸ ਲਈ ਪੁਲਿਸ ਕਈ ਪੱਖਾਂ ਤੋਂ ਜਾਂਚ ਵਿੱਚ ਜੁੱਟ ਗਈ ਹੈ। ਹਾਸਲ ਜਾਣਕਾਰੀ ਮੁਤਾਬਕ ਪੱਟੀ ਨੇੜਲੇ ਪਿੰਡ ਤੁੰਗ ਅੰਦਰ ਬੀਤੀ ਰਾਤ ਪਰਿਵਾਰ ਦੇ ਤਿੰਨ ਜੀਆਂ ਇਕਬਾਲ ਸਿੰਘ ਪੁੱਤਰ ਗੁਰਚਰਨ ਸਿੰਘ, ਲਖਵਿੰਦਰ ਕੌਰ ਪਤਨੀ ਇਕਬਾਲ ਸਿੰਘ ਤੇ ਸੀਤਾ ਕੌਰ ਪਤਨੀ ਹਰਦੀਪ ਸਿੰਘ ਦਾ ਕਤਲ ਕਰ ਦਿੱਤਾ ਗਿਆ। ਇਹ ਹੱਤਿਆਵਾਂ ਗਲਾ ਘੁੱਟ ਕੇ ਕੀਤੀਆਂ ਗਈਆਂ ਹਨ। ਪਰਿਵਾਰ ਅਨੁਸਾਰ ਮ੍ਰਿਤਕਾਂ ਦੇ ਬੱਚੇ ਆਸਟਰੇਲੀਆ ਵਿੱਚ ਹਨ। ਮੁਲਜ਼ਮਾਂ ਵੱਲੋਂ ਘਟਨਾ ਦੌਰਾਨ ਤਿੰਨਾਂ ਦੇ ਹੱਥਾਂ-ਪੈਰਾਂ ਨੂੰ ਕੱਪੜੇ ਨਾਲ ਬੰਨ੍ਹ ਦਿੱਤਾ ਤੇ ਮੂੰਹਾਂ ਉਪਰ ਟੇਪ ਨਾਲ ਲਗਾ ਦਿੱਤੀ। ਕਮਰਿਆਂ ਦੀਆਂ ਅਲਮਾਰੀਆਂ ਨੂੰ ਤੋੜਿਆ ਗਿਆ ਤੇ ਸਾਮਾਨ ਵੀ ਖਿੱਲਰਿਆ ਪਿਆ ਸੀ। ਤਰਨ ਤਾਰਨ ਦੇ ਐਸਐਸਪੀ ਅਸ਼ਵਨੀ ਕਪੂਰ ਨੇ ਮੌਕੇ ’ਤੇ ਪਹੁੰਚ ਕਿ ਘਟਨਾ ਦਾ ਨਿਰੀਖਣ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਢਲੇ ਤੌਰ ’ਤੇ ਇਹ ਘਟਨਾ ਲੁੱਟ ਦੀ ਜਾਪਦੀ ਹੈ। 25 ਸਾਲਾਂ ਤੋਂ ਅਸ਼ੋਕ ਭਈਆ ਨਾਮੀ ਮਜ਼ਦੂਰ ਇਸ ਪਰਿਵਾਰ ਨਾਲ ਕੰਮ ਕਰ ਰਿਹਾ ਸੀ ਜੋ ਘਰ ਵਿੱਚੋਂ ਗਾਇਬ ਹੈ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਪਰਚਾ ਦਰਜ ਕਰਕੇ ਕਾਰਵਾਈ ਕੀਤੀ ਜਾ ਰਹੀ ਹੈ।

# ਬਠਿੰਡਾ ਵਿੱਚ ਅਧਿਕਾਰੀ ਤੋਂ ਜ਼ਬਰਨ ਪਰਾਲੀ ਜਲਵਾਉਣ ਵਾਲੇ ਦੋ ਕਿਸਾਨ ਗ੍ਰਿਫਤਾਰ, ਸੱਤ ਦੀ ਤਲਾਸ਼ ਵਿੱਚ ਜੁਟੀ ਪੁਲਿਸ

ਬਠਿੰਡਾ • ਬਿਊਰੋ

ਬਠਿੰਡਾ ਦੇ ਪਿੰਡ ਬੁਰਜ ਮਹਿਮਾ ਵਿੱਚ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਨਾਲ ਸਬੰਧਤ ਕਿਸਾਨਾਂ ਵੱਲੋਂ ਇੱਕ ਅਧਿਕਾਰੀ ਨੂੰ ਬੰਧਕ ਬਣਾ ਕੇ ਪਰਾਲੀ ਸਾੜਨ ਲਈ ਮਜਬੂਰ ਕਰਨ ਦੇ ਮਾਮਲੇ ਵਿੱਚ ਨਾਮਜ਼ਦ 9 ਵਿਅਕਤੀਆਂ ਵਿੱਚੋਂ ਸੁਰਜੀਤ ਸਿੰਘ ਅਤੇ ਸ਼ਿਵਰਾਜ ਸਿੰਘ ਨੂੰ ਪੁਲਿਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਇਸ ਗੱਲ ਦੀ ਪੁਸ਼ਟੀ ਥਾਣਾ ਨੇਹੀਆਂਵਾਲਾ ਦੀ ਇੰਸਪੈਕਟਰ ਕਰਮਜੀਤ ਕੌਰ ਨੇ ਕੀਤੀ ਹੈ।

ਉਹਨਾਂ ਦੱਸਿਆ ਕਿ ਬਾਕੀ ਸੱਤ ਕਿਸਾਨਾਂ ਦੀ ਗ੍ਰਿਫ਼ਤਾਰੀ ਲਈ ਯਤਨ ਜਾਰੀ ਹਨ। ਉਧਰ ਐਸਐਸਪੀ ਗੁਲਨੀਤ ਸਿੰਘ ਖੁਰਾਣਾ ਦਾ ਕਹਿਣਾ ਹੈ ਕਿ ਨਾਮਜ਼ਦ ਕੀਤੇ ਗਏ ਸਾਰੇ ਕਿਸਾਨਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਦੱਸਣਯੋਗ ਹੈ ਕਿ 3 ਨਵੰਬਰ ਨੂੰ ਲੋਕ ਨਿਰਮਾਣ ਵਿਭਾਗ ਦੇ ਐਸਡੀਓ ਆਪਣੇ ਸਾਥੀਆਂ ਸਮੇਤ ਪਿੰਡ ਬੁਰਜ ਮਹਿਮਾ ਵਿੱਚ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਸਬੰਧੀ ਜਾਗਰੂਕ ਕਰਨ ਪਹੁੰਚੇ ਸਨ। ਉੱਥੇ ਮੌਜੂਦ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਨਾਲ ਜੁੜੇ ਕਿਸਾਨਾਂ ਨੇ ਸਰਕਾਰੀ ਅਧਿਕਾਰੀ ਤੋਂ ਜ਼ਬਰਨ ਪਰਾਲੀ ਜਲਵਾਈ ਸੀ।

ਮੰਗਲਵਾਰ ਨੂੰ ਨੇਹੀਆਂਵਾਲਾ ਥਾਣਾ ਪੁਲਿਸ ਨਾਮੀ ਕਿਸਾਨਾਂ ਦੇ ਘਰ ਪਹੁੰਚੀ। ਇਸ ਦੌਰਾਨ ਦੋ ਕਿਸਾਨ ਸੁਰਜੀਤ ਸਿੰਘ ਅਤੇ ਸ਼ਿਵਰਾਜ ਸਿੰਘ ਮਿਲੇ। ਜਦਕਿ ਬਾਕੀ ਸੱਤ ਕਿਸਾਨ ਗੁਰਮੀਤ ਸਿੰਘ, ਦਾਰਾ ਸਿੰਘ, ਰਾਮ ਸਿੰਘ, ਹਰਸ਼ਦੀਪ ਸਿੰਘ, ਬਚਿੱਤਰ ਸਿੰਘ, ਪਿੰਡ ਨੇਹੀਆਂਵਾਲਾ ਬਲਜੀਤ ਸਿੰਘ ਅਤੇ ਮਹਿੰਦਰ ਸਿੰਘ ਫਰਾਰ ਹੋ ਗਏ। ਐਸਐਸਪੀ ਗੁਲਨੀਤ ਸਿੰਘ ਖੁਰਾਣਾ ਦਾ ਕਹਿਣਾ ਹੈ ਕਿ ਸਾਰੇ ਕਿਸਾਨਾਂ ਖ਼ਿਲਾਫ਼ ਨੇਹੀਆਂਵਾਲਾ ਥਾਣੇ ਵਿੱਚ ਸਰਕਾਰੀ ਡਿਊਟੀ ਵਿੱਚ ਵਿਘਨ ਪਾਉਣ ਸਮੇਤ ਹੋਰ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ।

स्वामी, मुद्रक एवं प्रकाशक सुनील कुमार द्वारा डी.बी. कार्प लिमिटेड, नजदीक बस स्टैंड सुभानपुर ( हमीरा )-144802 जिला कपूरथला ( पंजाब ) से मुद्रित करवाकर सुनील कुमार, न्यू गांधी नगर जिला जालंधर 144001 ( पंजाब ) से प्रकाशित।
संपादक: सुनील कुमार*
*Responsible for selection of News under the PRB ACT. PUNPUN04294, All Rights Reserved. Reproduction in whole or in part without permission is prohibited. All disputes shall be settled at Jalandhar jurisdiction only.